ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 29 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੪ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

### ਮੁਲਾਜ਼ਮ ਨੇ ਆਤਮਦਾਹ ਦੀ ਕੀਤੀ ਕੋਸ਼ਿਸ਼, ਝੜਪ 'ਚ ਪੁਲਿਸ ਮੁਲਾਜ਼ਮ ਜ਼ਖ਼ਮੀ,

## ਪੰਜਾਬ 'ਚ ਵੱਡਾ ਵਿਦਰੋਹ !



**ਚੰਡੀਗੜ੍ਹ/ਪਟਿਆਲਾ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਰੋਡਵੇਜ਼ ਕਰਮਚਾਰੀ ਅੱਜ (28 ਨਵੰਬਰ) ਹੜਤਾਲ 'ਤੇ ਹਨ। ਪੂਰੇ ਸੂਬੇ ਵਿੱਚ ਹਫੜਾ-ਦਫੜੀ ਮਚ ਗਈ ਹੈ। ਸੰਗਰੂਰ ਵਿੱਚ ਇੱਕ ਕਰਮਚਾਰੀ ਨੇ ਆਪਣੇ ਆਪ 'ਤੇ ਪੈਟਰੋਲ ਪਾ ਕੇ ਅੱਗ ਲਗਾਉਣ ਦੀ ਕੋਸ਼ਿਸ਼ ਕੀਤੀ। ਇੱਕ ਪੁਲਿਸ ਉਸ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਝੁਲਸ ਗਿਆ। ਲੁਧਿਆਣਾ ਵਿੱਚ, ਇੱਕ ਰੋਡਵੇਜ਼ ਕਰਮਚਾਰੀ ਬੱਸ ਸਟੈਂਡ 'ਤੇ ਪਾਣੀ ਦੀ ਟੈਂਕੀ 'ਤੇ ਚੜ੍ਹ ਗਿਆ। ਜਦੋਂ ਉਸਨੂੰ ਹੇਠਾਂ ਉਤਰਨ ਲਈ ਕਿਹਾ ਗਿਆ ਤਾਂ ਉਸਨੇ ਕਿਹਾ, "ਪੰਜਾਬ ਸਰਕਾਰ ਦੁਆਰਾ ਮਾਰੇ ਜਾਣ ਨਾਲੋਂ ਇਸ ਤਰ੍ਹਾਂ ਮਰਨਾ ਚੰਗਾ ਹੈ।" ਉਸਨੇ "ਪੰਜਾਬ ਸਰਕਾਰ ਮੁਰਦਾਬਾਦ" ਵਰਗੇ ਨਾਅਰੇ ਲਗਾਏ। ਮਾਨਸਾ ਦੇ ਬੁਢਲਾਡਾ ਵਿੱਚ, ਤਿੰਨ ਕਰਮਚਾਰੀ ਪੈਟਰੋਲ ਦੀਆਂ ਬੋਤਲਾਂ ਨਾਲ ਪਾਣੀ ਦੀ ਟੈਂਕੀ 'ਤੇ ਚੜ੍ਹ ਗਏ। ਉਨ੍ਹਾਂ ਦਾ ਕਹਿਣਾ ਹੈ ਕਿ ਜੇ ਸਰਕਾਰ ਕਿਲੋਮੀਟਰ ਸਕੀਮ ਟੈਂਡਰ 'ਤੇ ਆਪਣਾ ਫੈਸਲਾ ਵਾਪਸ ਨਹੀਂ ਲੈਂਦੀ ਤਾਂ ਉਹ ਆਪਣੇ ਆਪ ਅੱਗ ਲਗਾ ਦੇਣਗੇ। ਪਟਿਆਲਾ ਵਿੱਚ, ਪੁਲਿਸ ਅਤੇ ਰੋਡਵੇਜ਼ ਕਰਮਚਾਰੀਆਂ ਵਿਚਕਾਰ ਝੜਪ ਹੋ ਗਈ। ਪੁਲਿਸ ਨੇ ਕਈ ਕਰਮਚਾਰੀਆਂ ਨੂੰ ਹਿਰਾਸਤ ਵਿੱਚ ਲੈ ਲਿਆ। ਜਲੰਧਰ ਵਿੱਚ, ਕਰਮਚਾਰੀਆਂ ਨੇ ਬੱਸ ਸਟੈਂਡ ਬੰਦ ਕਰ ਦਿੱਤਾ। ਨਿੱਜੀ ਬੱਸਾਂ ਦਾ ਦਾਖਲਾ ਵੀ ਰੋਕ ਦਿੱਤਾ ਗਿਆ ਹੈ। ਰੋਡਵੇਜ਼ ਕਰਮਚਾਰੀ ਯੂਨੀਅਨ ਦੇ ਆਗੂਆਂ ਨਛੱਤਰ ਸਿੰਘ ਅਤੇ ਵਿਕਰਮਜੀਤ ਸਿੰਘ ਨੇ ਕਿਹਾ ਕਿ ਉਹ ਕਿਲੋਮੀਟਰ ਸਕੀਮ ਅਧੀਨ ਬੱਸਾਂ ਦੇ ਟੈਂਡਰ ਨੂੰ ਰੱਦ ਕਰਨ ਦੀ ਮੰਗ ਕਰ ਰਹੇ ਹਨ। ਇਹ ਪਿਛਲੇ ਦੋ ਮਹੀਨਿਆਂ ਵਿੱਚ ਉਨ੍ਹਾਂ ਦਾ ਤੀਜਾ ਵਿਰੋਧ ਹੈ। ਜਦੋਂ ਵੀ ਉਹ ਵਿਰੋਧ ਕਰਦੇ ਹਨ, ਸਰਕਾਰ ਟੈਂਡਰ ਦੀ ਮਿਤੀ ਵਧਾ ਦਿੰਦੀ ਹੈ ਅਤੇ ਬਾਅਦ ਵਿੱਚ ਟੈਂਡਰ ਰੱਦ ਨਹੀਂ ਕਰਦੀ। ਇਸ ਲਈ, ਇਸ ਵਾਰ ਉਨ੍ਹਾਂ ਦੀ ਹੜਤਾਲ ਅਣਮਿੱਥੇ ਸਮੇਂ ਲਈ ਹੋਵੇਗੀ। ਇਸ ਦੌਰਾਨ, ਹੜਤਾਲ ਦੇ ਐਲਾਨ ਤੋਂ ਬਾਅਦ, ਪੰਜਾਬ ਸਰਕਾਰ ਵੀ ਕਰਮਚਾਰੀਆਂ 'ਤੇ ਸਖ਼ਤੀ ਕਰ ਰਹੀ ਹੈ। ਸੂਬੇ ਭਰ ਵਿੱਚ ਯੂਨੀਅਨ ਆਗੂਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਬੱਸ ਹੜਤਾਲ ਕਾਰਨ ਜਨਤਾ ਨੂੰ ਕਾਫ਼ੀ ਅਸੁਵਿਧਾ ਹੋ ਰਹੀ ਹੈ।

## ਆਵਾਜ਼ਿ ਕੌਮ ਟੀ. ਵੀ. ਪੰਜਾਬ ਯੂ. ਟਿਊਬ ਚੈਨਲ ਬੰਦ, ਕੀ ਸਾਬਤ ਕਰਨਾ ਚਾਹੁੰਦੀ ਹੈ ਸਰਕਾਰ ?



**ਲੰਡਨ (ਯੂ. ਕੇ.), 28 ਨਵੰਬਰ (ਵਿਸ਼ੇਸ਼ ਪ੍ਰਤੀਨਿਧੀ)**-ਯੂ. ਟਿਊਬ ਵੱਲੋਂ ਅਦਾਰਾ ਆਵਾਜ਼ਿ ਕੌਮ ਵੱਲੋਂ ਚਲਾਇਆ ਜਾ ਰਿਹਾ ਯੂ. ਟਿਊਬ ਚੈਨਲ 'ਆਵਾਜ਼ਿ ਕੌਮ ਟੀ. ਵੀ. ਪੰਜਾਬ' ਬੈਨ ਕਰ ਦਿੱਤਾ ਗਿਆ ਹੈ। ਇਸ ਸਬੰਧੀ ਅਦਾਰਾ ਆਵਾਜ਼ਿ ਕੌਮ ਦੇ ਮੁੱਖ ਸੰਪਾਦਕ ਸ. ਰਘਵੀਰ ਸਿੰਘ ਵਾਲਸਾਲ ਨੇ ਦੱਸਿਆ ਕਿ ਇਸ ਚੈਨਲ ਰਾਹੀਂ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ 350ਵੇਂ ਸ਼ਹੀਦੀ ਸਮਾਗਮ ਅਤੇ ਸ਼ਹੀਦ ਸਿੰਘਾਂ ਦੇ ਸਮਾਗਮਾਂ ਦਾ ਲਾਈਵ ਪ੍ਰਸਾਰਨ ਕੀਤਾ ਜਾਂਦਾ ਸੀ, ਜਿਸ ਨੂੰ ਯੂ. ਟਿਊਬ ਨੇ 'ਵਾਇਲੈਂਟ ਕ੍ਰਿਮੀਨਲ ਓਰਗੇਨਾਈਜ਼ੇਸ਼ਨਸ ਪਾਲਿਸੀ' ਕਰਾਰ ਦਿੱਤਾ ਹੈ, ਜਿਸ ਦਾ ਕਿ ਸਿੱਖ ਸੰਗਤਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਭਾਈ ਰਘਵੀਰ ਸਿੰਘ ਨੇ ਦੱਸਿਆ ਕਿ ਜੇਕਰ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ ਸ਼ਹੀਦੀ ਦਿਵਸ ਦਾ ਪ੍ਰਸਾਰਨ ਯੂ. ਟਿਊਬ 'ਤੇ ਕਰਨਾ 'ਵਾਇਲੈਂਟ ਕ੍ਰਿਮੀਨਲ ਓਰਗੇਨਾਈਜ਼ੇਸ਼ਨਸ ਪਾਲਿਸੀ' ਦੇ ਕਟਹਿਰੇ ਵਿੱਚ ਆਉਂਦਾ ਹੈ ਤਾਂ ਇਸ ਸਬੰਧੀ ਭਾਰਤ ਦੀ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਆਵਾਜ਼ ਉਠਾਉਣੀ ਚਾਹੀਦੀ ਹੈ। ਜੇਕਰ ਹੋਰ ਕਿਸੇ ਵੀ ਧਰਮ ਦੇ ਧਾਰਮਿਕ ਸਮਾਗਮਾਂ ਲਗਾਤਾਰ ਨਿਰੰਤਰ ਜਾਰੀ ਰਹਿ ਸਕਦੇ ਹਨ ਤਾਂ ਇਹ ਵਿਤਕਰਾ ਸਿੱਖ ਭਾਈਚਾਰੇ ਨਾਲ ਕਿਉਂ ਕੀਤਾ ਜਾ ਰਿਹਾ ਹੈ। ਭਾਈ ਰਘਵੀਰ ਸਿੰਘ ਵਾਲਸਾਲ ਨੇ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਇਸ ਤਰ੍ਹਾਂ ਲਗਾਤਾਰ ਬੰਦ ਕੀਤੇ ਜਾ ਰਹੇ ਚੈਨਲਾਂ ਦੇ ਵਿਰੋਧ ਵਿੱਚ ਆਵਾਜ਼ ਬੁਲੰਦ ਕਰਨ ਲਈ ਕਿਹਾ ਤਾਂ ਜੋ ਭਵਿੱਖ ਵਿੱਚ ਅਜਿਹੇ ਧਾਰਮਿਕ ਸਮਾਗਮਾਂ ਦਾ ਲਗਾਤਾਰ ਪ੍ਰਸਾਰਨ ਕੀਤਾ ਜਾ ਸਕੇ। ਚੈਨਲ ਮਾਲਕ ਰਘਬੀਰ ਸਿੰਘ ਨੇ ਇਸ ਫੈਸਲੇ 'ਤੇ ਹੈਰਾਨੀ ਜਤਾਈ ਹੈ। ਉਹ ਕਹਿੰਦਾ ਹੈ ਕਿ ਉਸਦੀ ਸਮੱਗਰੀ ਸਿਰਫ਼ ਨਿਊਜ਼, ਸਮਾਜਿਕ ਮਸਲੇ, ਧਾਰਮਿਕ ਜਾਣਕਾਰੀ ਅਤੇ ਇਤਿਹਾਸ ਨਾਲ ਸੰਬੰਧਤ ਹੁੰਦੀ ਹੈ ਅਤੇ ਕਿਸੇ ਵੀ ਤਰ੍ਹਾਂ ਉਹ ਹਿੰਸਕ ਸੰਗਠਨਾਂ ਦਾ ਪ੍ਰਚਾਰ ਨਹੀਂ ਕਰਦਾ। ਉਸਨੇ ਕਿਹਾ ਕਿ ਸ਼ਾਇਦ ਕਿਸੇ ਵੀਡੀਓ ਦੇ ਸੰਦਰਭ ਨੂੰ ਗਲਤ ਸਮਝਿਆ ਗਿਆ ਹੈ। ਰਘਬੀਰ ਸਿੰਘ ਨੇ ਯੂਟਿਊਬ ਦੇ ਫੈਸਲੇ ਖ਼ਿਲਾਫ਼ ਅਪੀਲ ਤਿਆਰ ਕਰ ਲਈ ਹੈ, ਜਿਸ ਵਿੱਚ ਉਸਨੇ ਚੈਨਲ ਦੀ ਸਮੱਗਰੀ ਨੂੰ ਪੂਰੀ ਤਰ੍ਹਾਂ ਸਿੱਖਿਆਕ ਅਤੇ ਜਾਣਕਾਰੀਅਤਮ ਦੱਸਿਆ ਹੈ।



YouTube

Hi Raghbir Singh,

We have reviewed your content and found severe or repeated violations of our **violent criminal organisations policy**. Because of this, we have removed your channel from YouTube.

We know that this is probably very upsetting news, but it's our job to make sure that YouTube is a safe place for all. If we think that a channel severely violates our policies, we take it down to protect other users on the platform – but if you believe that we've made the wrong call, you can appeal this decision. You'll find more information about the policy in question and how to submit an appeal below.

**What our policy says**

Content that intends to praise, promote or aid violent extremist or criminal organisations isn't allowed on YouTube.

## ਕਪਿਲ ਦੇ ਕੈਫੇ 'ਤੇ ਗੋਲੀਬਾਰੀ ਮਾਮਲੇ 'ਚ ਗ੍ਰਿਫਤਾਰ ਗੈਂਗਸਟਰ ਨੂੰ ਲੈ ਕੇ ਹੋਏ ਵੱਡੇ ਖੁਲਾਸੇ



**ਨਵੀਂ ਦਿੱਲੀ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਪੁਲਸ ਦੀ ਕ੍ਰਾਈਮ ਬ੍ਰਾਂਚ ਨੇ ਅਦਾਕਾਰ-ਕਾਮੇਡੀਅਨ ਕਪਿਲ ਸ਼ਰਮਾ ਦੇ ਕੈਨੇਡਾ ਸਥਿਤ ਰੈਸਟੋਰੈਂਟ 'ਕੈਪਸ ਕੈਫੇ' 'ਤੇ ਹੋਈ ਗੋਲੀਬਾਰੀ ਦੀ ਸਾਜ਼ਿਸ਼ ਵਿੱਚ ਸ਼ਾਮਲ ਮੁੱਖ ਹੈਂਡਲਰ ਨੂੰ ਗ੍ਰਿਫਤਾਰ ਕਰ ਲਿਆ ਹੈ। ਗ੍ਰਿਫਤਾਰ ਕੀਤੇ ਗਏ ਗੈਂਗਸਟਰ ਦੀ ਪਛਾਣ ਬੰਧੂ ਮਾਨ ਸਿੰਘ ਸ਼ੇਖੋਂ ਵਜੋਂ ਹੋਈ ਹੈ, ਜੋ ਕਿ ਕੈਨੇਡਾ-ਭਾਰਤ ਅਧਾਰਤ ਗੋਲਡੀ ਢਿੱਲੋਂ ਗੈਂਗ ਦਾ ਹੈਂਡਲਰ ਹੈ। ਪੁਲਸ ਨੇ ਸ਼ੇਖੋਂ ਨੂੰ 25 ਨਵੰਬਰ ਨੂੰ ਲੁਧਿਆਣਾ ਤੋਂ ਗ੍ਰਿਫਤਾਰ ਕੀਤਾ। ਦਿੱਲੀ ਪੁਲਸ ਕ੍ਰਾਈਮ ਬ੍ਰਾਂਚ ਦੇ ਸੰਯੁਕਤ ਕਮਿਸ਼ਨਰ ਸੁਰੇਂਦਰ ਕੁਮਾਰ ਨੇ ਦੱਸਿਆ ਕਿ ਸ਼ੇਖੋਂ ਨੇ ਕੈਪਸ ਕੈਫੇ ਗੋਲੀਬਾਰੀ ਘਟਨਾ ਲਈ ਲਾਜਿਸਟਿਕਲ ਸਪੋਰਟ ਅਤੇ ਵਾਹਨ ਮੁਹੱਈਆ ਕਰਵਾਇਆ ਸੀ। ਪੁਲਸ ਅਨੁਸਾਰ, ਕੈਫੇ 'ਤੇ ਹਮਲਾ ਕਰਨ ਵਾਲੇ ਸ਼ੂਟਰਾਂ ਲਈ ਵਰਤਿਆ ਗਿਆ ਵਾਹਨ ਕਥਿਤ ਤੌਰ 'ਤੇ ਉਸੇ ਦਾ ਸੀ। ਸ਼ੇਖੋਂ ਨੇ ਮੰਨਿਆ ਹੈ ਕਿ ਉਹ ਗੋਲੀਬਾਰੀ ਦੀ ਘਟਨਾ ਵਿੱਚ ਸ਼ਾਮਲ ਸੀ ਅਤੇ ਉਸ ਨੇ ਲਾਜਿਸਟਿਕਲ ਸਹਾਇਤਾ ਪ੍ਰਦਾਨ ਕੀਤੀ। ਡੀ.ਸੀ.ਪੀ. ਕ੍ਰਾਈਮ ਬ੍ਰਾਂਚ ਸੰਜੀਵ ਕੁਮਾਰ ਯਾਦਵ ਨੇ ਦੱਸਿਆ ਕਿ ਅਸੀਂ 25 ਤਰੀਕ ਨੂੰ ਲੁਧਿਆਣਾ ਤੋਂ ਬੰਧੂ ਮਾਨ ਸਿੰਘ ਸ਼ੇਖੋਂ ਨੂੰ ਗ੍ਰਿਫ਼ਤਾਰ ਕੀਤਾ ਸੀ। ਹਥਿਆਰਾਂ ਦੀ ਸਪਲਾਈ ਦੇ ਇੱਕ ਪੁਰਾਣੇ ਮਾਮਲੇ ਵਿੱਚ ਉਸਦਾ ਨਾਮ ਸਾਹਮਣੇ ਆਇਆ ਸੀ। ਉਸਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ, ਸਾਨੂੰ ਪਤਾ ਲੱਗਾ ਕਿ ਉਹ ਕੈਨੇਡਾ-ਅਧਾਰਤ ਗੈਂਗਸਟਰ ਹੈ ਜੋ ਹਾਲ ਹੀ ਵਿੱਚ ਅਗਸਤ ਵਿੱਚ ਕੈਨੇਡਾ ਤੋਂ ਭਾਰਤ ਵਾਪਸ ਆਇਆ ਸੀ ਅਤੇ ਉੱਥੇ ਗੋਲੀਬਾਰੀ ਦੀਆਂ ਕਈ ਘਟਨਾਵਾਂ ਅਤੇ ਜਬਰਦਸਤੀ ਦੇ ਮਾਮਲਿਆਂ ਵਿੱਚ ਸ਼ਾਮਲ ਹੈ। ਸ਼ੇਖੋਂ ਦੀ ਕੈਨੇਡੀਅਨ ਪੁਲਸ ਵੀ ਭਾਲ ਕਰ ਰਹੀ ਹੈ, ਜਿਸ ਤੋਂ ਬਚਣ ਲਈ ਉਹ ਭਾਰਤ ਆ ਗਿਆ। ਕਮਿਸ਼ਨਰ ਸੁਰੇਂਦਰ ਕੁਮਾਰ ਨੇ ਅੱਗੇ ਦੱਸਿਆ ਕਿ ਸ਼ੇਖੋਂ ਪਹਿਲੀ ਵਾਰ 2019 ਵਿੱਚ ਇੱਕ ਰੁਜ਼ਗਾਰ ਵੀਜ਼ੇ 'ਤੇ ਕੈਨੇਡਾ ਗਿਆ ਸੀ ਅਤੇ ਉੱਥੇ ਕਈ ਥਾਵਾਂ 'ਤੇ ਕੰਮ ਕੀਤਾ। ਉੱਥੇ ਇੱਕ ਹੋਰ ਅਪਰਾਧ ਕਰਨ ਦੇ ਸਿਲਸਿਲੇ ਵਿੱਚ ਜਦੋਂ ਉਹ ਜੇਲ੍ਹ ਗਿਆ, ਤਾਂ ਉਹ ਕੱਟੜਪੰਥੀਆਂ ਦੇ ਸੰਪਰਕ ਵਿੱਚ ਆਇਆ ਅਤੇ ਫਿਰ ਉਨ੍ਹਾਂ ਨਾਲ ਕੰਮ ਕਰਨਾ ਸ਼ੁਰੂ ਕਰ ਦਿੱਤਾ। ਦਿੱਲੀ ਪੁਲਸ ਦੇ ਅਨੁਸਾਰ, ਉਹ ਗੋਲੀਬਾਰੀ ਦੀਆਂ ਕਈ ਘਟਨਾਵਾਂ ਅਤੇ ਜਬਰੀ ਵਸੂਲੀ ਦੇ ਮਾਮਲਿਆਂ ਵਿੱਚ ਸ਼ਾਮਲ ਰਿਹਾ ਹੈ। ਸ਼ੇਖੋਂ ਦੀ ਗ੍ਰਿਫਤਾਰੀ ਸਮੇਂ, ਦਿੱਲੀ ਪੁਲਸ ਨੇ ਉਸ ਦੇ ਕਬਜ਼ੇ ਵਿੱਚੋਂ ਇੱਕ ਚੀਨੀ ਪਿਸਤੌਲ ਅਤੇ ਕਾਰਤੂਸ ਬਰਾਮਦ ਕੀਤੇ। ਪੁਲਸ ਦਾ ਦੋਸ਼ ਹੈ ਕਿ ਸ਼ੇਖੋਂ ਮੁੱਖ ਤੌਰ 'ਤੇ ਹਥਿਆਰਾਂ ਅਤੇ ਵਾਹਨਾਂ ਦਾ ਸਪਲਾਇਰ ਹੈ ਜੋ ਕਪਿਲ ਸ਼ਰਮਾ ਦੇ ਕੈਫੇ 'ਤੇ ਹਮਲਿਆਂ ਲਈ ਵਰਤੇ ਗਏ ਸਨ। ਭਾਰਤ ਵਾਪਸ ਆਉਣ ਤੋਂ ਬਾਅਦ, ਉਹ ਕਥਿਤ ਤੌਰ 'ਤੇ ਗੋਲਡੀ ਢਿੱਲੋਂ ਦੇ ਗੈਂਗ ਨੈੱਟਵਰਕ ਨੂੰ ਮੁੜ ਸਥਾਪਿਤ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ ਅਤੇ ਭਾਰਤ ਵਿੱਚ ਭਵਿੱਖ ਦੀਆਂ ਗੋਲੀਬਾਰੀ ਦੀਆਂ ਘਟਨਾਵਾਂ ਲਈ ਆਧੁਨਿਕ ਹਥਿਆਰ ਇਕੱਠੇ ਕਰਨ ਦੀ ਵਿਉਂਤ ਬਣਾ ਰਿਹਾ ਸੀ।

## ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦਾ ਐਲਾਨ, 14 ਦਸੰਬਰ ਨੂੰ ਵੋਟਿੰਗ ਤੇ 17 ਨੂੰ ਨਤੀਜੇ




**ਚੰਡੀਗੜ੍ਹ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਟੇਟ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਵੱਲੋਂ 14 ਦਸੰਬਰ ਨੂੰ ਵੋਟਿੰਗ ਅਤੇ 17 ਦਸੰਬਰ ਨੂੰ ਵੋਟਾਂ ਦੀ ਗਿਣਤੀ ਦਾ ਐਲਾਨ ਕੀਤਾ ਗਿਆ ਹੈ। ਨਾਲ ਹੀ ਇਸ ਵਾਰ ਈਵੀਐਮ ਦੀ ਥਾਂ ਬੈਲਟ ਪੇਪਰ ਬਾਕਸ ਰਾਹੀਂ ਵੋਟਾਂ ਕਰਵਾਉਣ ਦਾ ਐਲਾਨ ਕੀਤਾ ਗਿਆ ਹੈ ਅਤੇ 50 ਫ਼ੀਸਦੀ ਸੀਟਾਂ ਔਰਤਾਂ ਲਈ ਐਲਾਨੀਆਂ ਗਈਆਂ ਹਨ। ਚੋਣ ਅਧਿਕਾਰੀ ਨੇ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਲਈ ਹਰੇਕ ਪੋਲਿੰਗ ਬੂਥ 'ਤੇ ਦੋ ਵੱਖ-ਵੱਖ ਬੈਲਟ ਬਾਕਸ ਰੱਖੇ ਜਾਣਗੇ। ਈਵੀਐਮ ਦੀ ਵਰਤੋਂ ਕਰਕੇ ਚੋਣਾਂ ਨਹੀਂ ਕਰਵਾਈਆਂ ਜਾ ਸਕਦੀਆਂ, ਕਿਉਂਕਿ ਇਸ ਲਈ 40,000 ਈਵੀਐਮ ਦੀ ਲੋੜ ਹੁੰਦੀ ਹੈ ਅਤੇ ਚੋਣ ਕਮਿਸ਼ਨ ਕੋਲ ਉਪਲਬਧ ਮਸ਼ੀਨਾਂ ਕਿਸੇ ਵੀ ਰਾਜ ਨੂੰ ਜਾਰੀ ਨਹੀਂ ਕੀਤੀਆਂ ਜਾਂਦੀਆਂ। ਪੰਜਾਬ ਵਿੱਚ, ਹਰੇਕ ਜ਼ਿਲ੍ਹੇ ਵਿੱਚ ਇੱਕ ਜ਼ਿਲ੍ਹਾ ਪ੍ਰੀਸ਼ਦ ਹੈ, ਜਿਸ ਵਿੱਚ ਕੁੱਲ 357 ਜ਼ੋਨ ਹਨ, ਜਿੱਥੇ ਹਰੇਕ ਜ਼ੋਨ ਤੋਂ ਇੱਕ ਮੈਂਬਰ ਚੁਣਿਆ ਜਾਵੇਗਾ। ਇਸੇ ਤਰ੍ਹਾਂ, ਰਾਜ ਦੀਆਂ 154 ਪੰਚਾਇਤ ਸੰਮਤੀਆਂ ਵਿੱਚ 15 ਤੋਂ 25 ਜ਼ੋਨ ਬਣਾਏ ਗਏ ਹਨ, ਕੁੱਲ 2,863। ਹਰੇਕ ਜ਼ੋਨ ਤੋਂ ਇੱਕ ਮੈਂਬਰ ਚੁਣਿਆ ਜਾਵੇਗਾ। ਪੇਂਡੂ ਖੇਤਰਾਂ ਵਿੱਚ ਵੋਟਰਾਂ ਦੀ ਗਿਣਤੀ 13.6 ਮਿਲੀਅਨ ਚਾਰ ਹਜ਼ਾਰ ਹੈ। ਨਿਯਮਾਂ ਅਨੁਸਾਰ, ਇੱਕ ਉਮੀਦਵਾਰ ਦੀ ਉਮਰ ਘੱਟੋ-ਘੱਟ 21 ਸਾਲ ਹੋਣੀ ਚਾਹੀਦੀ ਹੈ ਅਤੇ ਉਸ ਜ਼ੋਨ ਵਿੱਚ ਵੋਟਰ ਹੋਣਾ ਚਾਹੀਦਾ ਹੈ ਜਿੱਥੋਂ ਉਹ ਚੋਣ ਲੜ ਰਿਹਾ ਹੈ। ਐਸ. ਸੀ. ਅਤੇ ਵੀ. ਸੀ. ਸ਼੍ਰੇਣੀਆਂ ਦੇ ਉਮੀਦਵਾਰਾਂ ਨੂੰ ਆਪਣੇ ਸੰਬੰਧਿਤ ਸਰਟੀਫਿਕੇਟ ਵੀ ਜਮ੍ਹਾ ਕਰਨੇ ਚਾਹੀਦੇ ਹਨ। ਇਸ ਚੋਣ ਵਿੱਚ, ਉਮੀਦਵਾਰ ਸੁਤੰਤਰ ਤੌਰ 'ਤੇ ਚੋਣ ਲੜ ਸਕਣਗੇ, ਇਹ ਵਿਸ਼ੇਸ਼ਤਾ ਪਹਿਲਾਂ ਉਪਲਬਧ ਨਹੀਂ ਸੀ। ਉਹ ਛੇ ਰਾਜਨੀਤਿਕ ਪਾਰਟੀਆਂ ਤੋਂ ਸਪਾਂਸਰਸ਼ਿਪ ਨਾਲ ਵੀ ਚੋਣ ਲੜ ਸਕਦੇ ਹਨ, ਜਿਸ ਲਈ ਉਮੀਦਵਾਰ ਨੂੰ ਸਪਾਂਸਰਸ਼ਿਪ ਫਾਰਮ ਜਮ੍ਹਾ ਕਰਨਾ ਚਾਹੀਦਾ ਹੈ। ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ ਵੱਧ ਤੋਂ ਵੱਧ ਖਰਚ ਸੀਮਾ 255,000 ਹੈ ਅਤੇ ਪੰਚਾਇਤ ਸੰਮਤੀ ਚੋਣਾਂ ਲਈ, 110,000 ਹੈ। ਇਸ ਸੀਮਾ ਤੋਂ ਵੱਧ ਖਰਚ ਦੀ ਇਜਾਜ਼ਤ ਨਹੀਂ ਹੋਵੇਗੀ। ਨਾਮਜ਼ਦਗੀਆਂ ਦੌਰਾਨ ਵਿਸ਼ੇਸ਼ ਸੁਰੱਖਿਆ ਪ੍ਰਬੰਧ ਕੀਤੇ ਜਾਣਗੇ। ਪੁਲਿਸ ਵੱਲੋਂ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਚੌਕੀਆਂ ਵੀ ਸਥਾਪਤ ਕੀਤੀਆਂ ਜਾਣਗੀਆਂ। ਚੋਣਾਂ ਲਈ ਕੁੱਲ 13,000 ਸਥਾਨਾਂ ਦੀ ਪਛਾਣ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ 915 ਨੂੰ ਅਤਿ ਸੰਵੇਦਨਸ਼ੀਲ ਅਤੇ 3,528 ਨੂੰ ਸੰਵੇਦਨਸ਼ੀਲ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਹੈ।

**ਪੰਜਾਬ ਚੋਣਾਂ ਦਾ ਪੂਰਾ ਸ਼ਡਿਊਲ** : ਨਾਮਜ਼ਦਗੀ ਦਾ ਸਮਾਂ: ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ, ਨਾਮਜ਼ਦਗੀ ਦੀ ਆਖਰੀ ਮਿਤੀ: 4 ਦਸੰਬਰ, ਦੁਪਹਿਰ 3:00 ਵਜੇ (ਸਾਰੇ ਕੰਮਕਾਜੀ ਦਿਨ), 5 ਦਸੰਬਰ: ਜਾਂਚ ਪ੍ਰਕਿਰਿਆ, 6 ਦਸੰਬਰ: ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ, ਵੋਟਿੰਗ: 14 ਦਸੰਬਰ, ਨਤੀਜੇ : 17 ਦਸੰਬਰ

## ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ ਵੱਲੋਂ ਧਰਨਾ ਸਮਾਪਤ , ਮੀਟਿੰਗ 'ਚ ਰੱਖੀਆਂ ਵਿਦਿਆਰਥੀਆਂ ਦੀਆਂ ਮੰਗਾਂ ਮੰਨੀਆਂ ਗਈਆਂ



**ਚੰਡੀਗੜ੍ਹ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ ਨੇ ਆਪਣਾ ਅਣਮਿੱਥੇ ਸਮੇਂ ਦਾ ਧਰਨਾ ਸਮਾਪਤ ਕਰਕੇ ਵਾਈਸ ਚਾਂਸਲਰ ਦਫ਼ਤਰ ਦੇ ਬਾਹਰ ਰਸਤਾ ਖਾਲੀ ਕਰ ਦਿੱਤਾ ਹੈ। ਜਾਣਕਾਰੀ ਅਨੁਸਾਰ ਕੁਝ ਸਮਾਂ ਪਹਿਲਾਂ ਯੂਨੀਵਰਸਿਟੀ ਪ੍ਰਸ਼ਾਸਨ ਦੇ ਨਾਲ ਹੋਈ ਬੈਠਕ ਦੇ ਵਿੱਚ ਵਿਦਿਆਰਥੀਆਂ ਦੀਆਂ ਜੋ ਮੰਗਾਂ ਸੀ, ਉਹਨਾਂ ਨੂੰ ਸਹਿਮਤੀ ਦੇ ਨਾਲ ਮੰਨ ਲਿਆ ਗਿਆ ਹੈ। ਜਿਸ ਤੋਂ ਬਾਅਦ ਵਿਦਿਆਰਥੀ ਜਥੇਬੰਦੀਆਂ ਵੱਲੋਂ ਫੈਸਲਾ ਕੀਤਾ ਗਿਆ ਅਤੇ ਵਾਈਸ ਚਾਂਸਲਰ ਦਫਤਰ ਦੇ ਬਾਹਰ ਲੱਗਾ ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ ਨੂੰ ਸਮਾਪਤ ਕਰ ਦਿੱਤਾ ਗਿਆ। ਜਿੱਥੇ ਕਿਸਾਨ ਜਥੇਬੰਦੀਆਂ ਤੇ ਪੰਥਕ ਸ਼ਖਸੀਅਤਾਂ ਪਹੁੰਚੀਆਂ ਅਤੇ ਲੱਡੂ ਗੁੜ ਮਿਠਾਈ ਵੰਡ ਕੇ ਇਸ ਮੋਰਚੇ ਦੀ ਸਮਾਪਤੀ ਕੀਤੀ ਗਈ। ਵਿਦਿਆਰਥੀਆਂ ਦਾ ਕਹਿਣਾ ਹੈ ਕਿ ਇੱਕ ਵੱਡੀ ਜਿੱਤ ਪੰਜਾਬ ਅਤੇ ਪੰਜਾਬੀਅਤ ਦੀ ਹੋਈ ਹੈ। ਉੱਥੇ ਹੀ ਲੰਗਰ ਲਿਆਉਣ ਵਾਲੇ ਲਾਗਲੇ ਪਿੰਡਾਂ ਦਾ ਤਮਾਮ ਰਾਜਸੀ ਜਥੇਬੰਦੀਆਂ ਦਾ ਅਤੇ ਰਾਜਸੀ ਧਿਰਾਂ ਦਾ ਧੰਨਵਾਦ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਇਸ ਨੂੰ ਮੁਕੰਮਲ ਤੌਰ 'ਤੇ ਪੰਜਾਬ ਪੰਜਾਬੀਅਤ ਦੀ ਜਿੱਤ ਦਾ ਸਿਹਰਾ ਦਿੱਤਾ ਹੈ। ਵੀਰਵਾਰ ਨੂੰ ਪੰਜਾਬ ਯੂਨੀਵਰਸਿਟੀ ਦੇ ਚਾਂਸਲਰ ਤੇ ਉੱਪ-ਰਾਸ਼ਟਰਪਤੀ ਦਫ਼ਤਰ ਵੱਲੋਂ ਸੈਨੇਟ ਚੋਣ ਦੀ ਤਾਰੀਖਾਂ ਨੂੰ ਮਨਜ਼ੂਰੀ ਦਿੰਦੇ ਹੋਏ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਸੀ। ਸਕੱਤਰ ਸਰਿਤਾ ਚੌਹਾਨ ਨੇ ਕਿਹਾ ਕਿ ਚੋਣ ਉਹ ਸ਼ੈਡਿਊਲ ਦੇ ਅਨੁਸਾਰ ਹੋਵੇਗੀ, ਜੋ ਪਹਿਲੇ ਯੂਨੀਵਰਸਿਟੀ ਪ੍ਰਸ਼ਾਸਨ ਨੇ ਭੇਜਿਆ ਸੀ। ਇਸ ਵਿਚਕਾਰ ਚੋਣ ਤਾਰੀਖਾਂ ਦੀ ਘੋਸ਼ਣਾ ਤੋਂ ਬਾਅਦ ਵਿਦਿਆਰਥੀਆਂ ਨੇ ਪੰਜਾਬ ਯੂਨੀਵਰਸਿਟੀ 'ਚ ਵਿਕਟਰੀ ਮਾਰਚ ਕੱਢਿਆ ਸੀ। ਹਾਲਾਂਕਿ, ਇਸ ਦੌਰਾਨ ਵਿਦਿਆਰਥੀਆਂ ਨੇ ਇਹ ਵੀ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਨਾਲ ਨਿਰਧਾਰਿਤ ਬੈਠਕ 'ਚ ਵਿਦਿਆਰਥੀਆਂ 'ਤੇ ਦਰਜ ਐਫਆਈਆਰ ਸਮੇਤ ਹੋਰ ਮੁੱਦਿਆਂ 'ਤੇ ਗੱਲਬਾਤ ਹੋਵੇਗੀ। ਦੱਸ ਦੇਈਏ ਕਿ ਸੈਨੇਟ ਚੋਣ ਦੀ ਤਾਰੀਖਾਂ ਦੇ ਐਲਾਨ ਨੂੰ ਲੈ ਕੇ ਪੰਜਾਬ ਯੂਨੀਵਰਸਿਟੀ ਬਚਾਓ ਮੋਰਚਾ ਪਿਛਲੇ 25 ਦਿਨਾਂ ਤੋਂ ਯੂਨੀਵਰਸਿਟੀ 'ਚ ਧਰਨੇ 'ਤੇ ਬੈਠਾ ਹੋਇਆ ਸੀ। ਇਸ ਦੌਰਾਨ ਉਨ੍ਹਾਂ ਨੂੰ ਹੋਰ ਸੰਗਠਨਾਂ ਦਾ ਵੀ ਸਹਿਯੋਗ ਮਿਲਿਆ। ਮੋਰਚੇ ਦੇ ਮੈਂਬਰਾਂ ਨੇ ਚੇਤਾਵਨੀ ਦਿੱਤੀ ਸੀ ਕਿ ਜੇਕਰ ਚੋਣ ਦੀ ਤਾਰੀਖ ਘੋਸ਼ਿਤ ਨਾ ਹੋਈ ਤਾਂ ਉਹ ਯੂਨੀਵਰਸਿਟੀ ਨੂੰ ਪੂਰਨ ਤੌਰ 'ਤੇ ਬੰਦ ਕਰ ਦੇਣਗੇ, ਨਾਲ ਹੀ ਉਨ੍ਹਾਂ ਨੇ ਭਾਜਪਾ ਦਫ਼ਤਰਾਂ ਦਾ ਘਿਰਾਓ ਕਰਨ ਦੀ ਵੀ ਗੱਲ ਕਹੀ ਸੀ। ਹਾਲਾਂਕਿ, ਹੁਣ ਉਪ-ਰਾਸ਼ਟਰਪਤੀ ਵੱਲੋਂ ਚੋਣ ਦਾ ਐਲਾਨ ਕਰ ਦਿੱਤਾ ਗਿਆ ਸੀ।

# ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

# 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

### --- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

### -- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM
International Newspaper & WEB TV



ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਗੁਰਮਤਿ ਸਮਾਗਮ







**GURU NANAK GURDWARA WILLENHALL 65-67 WALSAL ROAD (WV13 2RD)**

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ (3:30 ਵਜੇ)



ਭਾਈ ਕਮਲਜੀਤ ਸਿੰਘ ਜੀ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ (4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋਂ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ




ਪੰਥ ਪ੍ਰਸਿੱਧ ਕਵੀਸ਼ਰੀ ਜਥਾ ਜਾਗੋਵਾਲਾ ਜਥਾ (6 ਵਜੇ)



ਭਾਈ ਜਗਤਾਰ ਸਿੰਘ ਜੀ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ (7 ਵਜੇ)

**ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ**

**ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਸ਼ਹੀਦੀ ਦਿਹਾੜੇ 22/23 ਨਵੰਬਰ 25 ਮੰਗਲਵਾਰ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸਜਣਗੇ।

ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਸ਼ਨਿੱਚਰਵਾਰ 22 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 23 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਇੰਦਰਜੀਤ ਸਿੰਘ ਬੁੱਟਰ ਸਰਸੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




## ਮਜੀਠਾ ਹਲਕੇ ਦੀਆਂ 50 ਪੰਚਾਇਤਾਂ ਨੂੰ 3 ਕਰੋੜ 28 ਲੱਖ ਦੀਆਂ ਗ੍ਰਾਂਟਾਂ ਜਾਰੀ

# ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਪਿੰਡਾਂ ਦੇ ਅਸਲ ਵਿਕਾਸ ਲਈ ਵਚਨਬੱਧ - ਤਲਬੀਰ ਸਿੰਘ ਗਿੱਲ





**ਚੌਂਕ ਮਹਿਤਾ, 28 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )** - ਹਲਕਾ ਮਜੀਠਾ ਵਿੱਚ ਵਿਕਾਸ ਦੀ ਗਤੀ ਤੇਜ਼ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਅੱਜ 50 ਪਿੰਡਾਂ ਦੀਆਂ ਪੰਚਾਇਤਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਮਨਜ਼ੂਰ ਕੀਤੀਆਂ 3 ਕਰੋੜ 28 ਲੱਖ ਰੁਪਏ ਦੀਆਂ ਵਿਕਾਸ ਗ੍ਰਾਂਟਾਂ ਦੇ ਚੈੱਕ ਸੌਂਪੇ। ਇਸ ਮੌਕੇ ਪੰਚ-ਸਰਪੰਚ, ਨੰਬਰਦਾਰ, ਪਤਵੰਤੇ ਅਤੇ ਆਮ ਆਦਮੀ ਪਾਰਟੀ ਦੇ ਵੱਡੇ ਗਿਣਤੀ ਵਿੱਚ ਵਰਕਰ ਮੌਜੂਦ ਸਨ।

ਚੈੱਕ ਵੰਡ ਸਮਾਗਮ ਨੂੰ ਸੰਬੋਧਨ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਮਾਨ ਸਾਹਿਬ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੇ ਹਰ ਪਿੰਡ ਦੀ ਤਕਦੀਰ ਬਦਲਣ ਲਈ ਗੰਭੀਰ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਪਿੰਡਾਂ ਦਾ ਹਿੱਸਾ ਕਾਗਜ਼ਾਂ 'ਤੇ ਹੀ ਦਿੱਤਾ ਜਾਂਦਾ ਸੀ, ਜਦੋਂ ਕਿ ਮੌਜੂਦਾ ਸਰਕਾਰ ਨੇ ਸਾਰੇ ਸਿਸਟਮ ਨੂੰ ਪਾਰਦਰਸ਼ੀ ਬਣਾਉਂਦਿਆਂ ਗ੍ਰਾਂਟਾਂ ਸਿੱਧੇ ਪੰਚਾਇਤਾਂ ਦੇ ਖਾਤਿਆਂ ਤੱਕ ਪਹੁੰਚਾਉਣ ਦੀ ਪ੍ਰਕਿਰਿਆ ਅਪਣਾਈ ਹੈ। ਇਸ ਨਾਲ ਲੋਕਾਂ ਦੇ ਸੁਝਾਅ ਅਨੁਸਾਰ ਅਸਲ ਜ਼ਮੀਨੀ ਵਿਕਾਸ ਸੰਭਵ ਹੋ ਰਿਹਾ ਹੈ।

ਗਿੱਲ ਨੇ ਦੱਸਿਆ ਕਿ ਅੱਜ ਜਾਰੀ ਕੀਤੀਆਂ ਗ੍ਰਾਂਟਾਂ ਨਾਲ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਗਲੀਆਂ-ਨਾਲੀਆਂ ਦੀ ਮੁਰੰਮਤ, ਸਫ਼ਾਈ ਪ੍ਰਬੰਧ, ਸਟ੍ਰੀਟ ਲਾਈਟਾਂ ਦੀ ਸਥਾਪਨਾ, ਪਾਰਕਾਂ ਦੀ ਸੁਧਾਰ ਅਤੇ ਹੋਰ ਬੁਨਿਆਦੀ ਸੁਵਿਧਾਵਾਂ 'ਤੇ ਕੰਮ ਹੋਵੇਗਾ। ਉਨ੍ਹਾਂ ਕਿਹਾ ਕਿ ਜਿਹਨਾਂ ਪੰਚਾਇਤਾਂ ਦੀ ਗ੍ਰਾਂਟ ਬਾਕੀ ਹੈ, ਉਨ੍ਹਾਂ ਨੂੰ ਵੀ ਜਲਦੀ ਹੀ ਰਕਮ ਜਾਰੀ ਕਰ ਦਿੱਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਮੌਕੇ 'ਤੇ ਬੋਲਦਿਆਂ ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਮਾਨ ਸਾਹਿਬ ਨੇ ਪਿੰਡਾਂ ਨੂੰ ਮੁੱਖ ਧਾਰਾ ਦੇ ਵਿਕਾਸ ਨਾਲ ਜੋੜਨ ਦਾ ਇਤਿਹਾਸਕ ਫੈਸਲਾ ਕੀਤਾ ਹੈ, ਜਿਸ ਨਾਲ ਲੋਕਾਂ ਦਾ ਸਰਕਾਰ 'ਤੇ ਭਰੋਸਾ ਹੋਰ ਮਜ਼ਬੂਤ ਹੋ ਰਿਹਾ ਹੈ । ਇਸ ਮੌਕੇ ਪਰਮਿੰਦਰ ਸਿੰਘ ਰਮਾਣਾ ਚੱਕ,ਬਲਵਿੰਦਰ ਸਿੰਘ ਮਰੜੀ ਕਲਾਂ,ਹਰਦੀਸ਼ ਸਿੰਘ ਸਰਪੰਚ ਭੰਗਾਲੀ ਕਲਾਂ,ਸਤਿਨਾਮ ਸਿੰਘ ਨਾਗ ਨਵਾਂ,ਸੁਬੇਗ ਸਿੰਘ ਸਰਪੰਚ,ਰਵਿੰਦਰ ਸਿੰਘ ਸਰਪੰਚ ਨਾਗ ਖੁਰਦ,ਗੁਰਪ੍ਰੀਤ ਸਿੰਘ ਮਹੱਦੀਪੁਰ,ਚਰਨਜੀਤ ਸਿੰਘ ਸਰਪੰਚ ਵਡਾਲਾ,ਧਰਮ ਸਿੰਘ ਬੁਰਜ ਨੌਬਦ,ਬਿਕਰਮਜੀਤ ਸਿੰਘ ਸਰਪੰਚ ਸ਼ਾਮਨਗਰ,ਚਮਕੌਰ ਸਿੰਘ ਸਰਪੰਚ ਬੋਰੇਵਾਲ ਕੰਗ,ਰਵਿੰਦਰ ਸਿੰਘ ਹਦੈਤਪੁਰਾ,ਬਿਕਰਮ ਸਿੰਘ ਸਰਪੰਚ ਜਲਾਲਪੁਰਾ,ਰਾਜ ਕੁਮਾਰ ਸਰਪੰਚ ਲੁਧੜ,ਜਸਕਰਨ ਸਿੰਘ ਨੰਗਲ ਪਨੂੰਆਂ,ਜੁਗਰਾਜ ਸਿੰਘ ਕੋਟਲਾ ਗੁੱਜਰਾਂ,ਸੁਖਚੈਨ ਸਿੰਘ ਸਰਪੰਚ ਭੰਗਵਾਂ,ਬਲਦੇਵ ਸਿੰਘ ਡੱਡੀਆਂ,ਕੁਲਵੰਤ ਸਿੰਘ ਸਰਪੰਚ ਡੱਡੀਆਂ,ਰਵੀ ਮੈਂਬਰ ਰੂਪੋਵਾਲੀ ਕਲਾਂ ਹਾਜ਼ਰ ਸਨ ।

ਸਮਾਗਮ ਵਿੱਚ ਸ਼ਾਮਲ ਪੰਚ-ਸਰਪੰਚਾਂ ਨੇ ਵੀ ਮੁੱਖ ਮੰਤਰੀ ਤੇ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪਹਿਲੀ ਵਾਰ ਬਿਨਾਂ ਕਿਸੇ ਸਿਫ਼ਾਰਸ਼ ਦੇ ਪਿੰਡਾਂ ਨੂੰ ਸਿੱਧੇ ਫੰਡ ਮਿਲ ਰਹੇ ਹਨ, ਜਿਨ੍ਹਾਂ ਨਾਲ ਪਿੰਡਾਂ ਦੀਆਂ ਲੰਬੇ ਸਮੇਂ ਤੋਂ ਲਟਕੀ ਪਈਆਂ ਲੋੜਾਂ ਪੂਰੀਆਂ ਹੋਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਨੇ

# ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ




**ਤਲਵੰਡੀ ਸਾਬੋ, 28 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ, ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਵਿੱਚ ਐਮ.ਬੀ.ਏ, ਐਮ.ਕਾਮ, ਬੀਬੀਏ, ਬੀ.ਕਾਮ ਵਰਗੇ ਵੱਖ-ਵੱਖ ਕੋਰਸਾਂ ਵਿੱਚ ਸੈਸ਼ਨ 2025-26 ਵਿੱਚ ਨਵੇਂ ਦਾਖਲ ਹੋਏ ਵਿਦਿਆਰਥੀਆਂ ਦਾ ਸਵਾਗਤ ਕਰਨ ਲਈ ਇੱਕ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਪਾਰਟੀ ਦਾ ਪ੍ਰਬੰਧਨ ਵਿਭਾਗ ਦੇ ਸੱਭਿਆਚਾਰਕ ਕਮੇਟੀ ਦੇ ਕੋਆਰਡੀਨੇਟਰ ਡਾ.ਅਮਨਦੀਪ ਕੌਰ ਅਤੇ ਟੀਮ ਦੁਆਰਾ ਦੀ ਦੇਖ ਰੇਖ ਅਧੀਨ ਹੋਇਆ। ਪਾਰਟੀ ਦੀ ਸ਼ੁਰੂਆਤ ਵਿਭਾਗ ਦੇ ਮੁਖੀ ਡਾ. ਨਰਿੰਦਰ ਕੌਰ ਅਤੇ ਵਿਭਾਗ ਦੇ ਸਾਰੇ ਫੈਕਲਟੀ ਮੈਂਬਰਾਂ ਦੁਆਰਾ ਰਿਬਨ ਕੱਟਣ ਦੀ ਰਸਮ ਨਾਲ ਕੀਤੀ ਗਈ। ਪਾਰਟੀ ਵਿੱਚ ਵਿਦਿਆਰਥੀਆਂ ਨੇ ਡਾਂਸ ਅਤੇ ਗਾਇਨ ਆਦਿ ਵਰਗੀਆਂ ਸੱਭਿਆਚਾਰਕ ਗਤੀਵਿਧੀਆਂ ਪੇਸ਼ ਕੀਤੀਆਂ। ਵਿਦਿਆਰਥੀਆਂ ਦੁਆਰਾ ਕੁਝ ਮਜ਼ੇਦਾਰ ਖੇਡਾਂ ਅਤੇ ਮੁਕਾਬਲੇ ਵੀ ਖੇਡੇ ਗਏ। ਖੁਸ਼ਪ੍ਰੀਤ ਅਤੇ ਗੁਰਨੀਤ ਨੂੰ ਬੀਬੀਏ ਲਈ ਕ੍ਰਮਵਾਰ ਮਿਸਟਰ ਅਤੇ ਮਿਸ ਫਰੈਸ਼ਰ ਚੁਣਿਆ ਗਿਆ। ਯੁਵਰਾਜ ਅਤੇ ਮਹਿਕ ਨੂੰ ਬੀ.ਕਾਮ ਲਈ ਮਿਸਟਰ ਅਤੇ ਮਿਸ ਫਰੈਸ਼ਰ, ਮਿਸ ਸਪਨਾ ਰਾਣੀ ਨੂੰ ਐਮ.ਬੀ.ਏ ਲਈ ਮਿਸ ਫਰੈਸ਼ਰ ਚੁਣਿਆ ਗਿਆ। ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਪਰੋਸਿਆ ਗਿਆ। ਡਾ. ਨਰਿੰਦਰ ਨੇ ਆਪਣੇ ਰਸਮੀ ਭਾਸ਼ਣ ਵਿੱਚ ਸਹਿਯੋਗ ਲਈ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਦਾ ਧੰਨਵਾਦ ਕਰਦਿਆਂ ਨਵੇਂ ਵਿਦਿਆਰਥੀਆਂ ਦਾ ਵਿਭਾਗ ਵਿੱਚ ਸਵਾਗਤ ਕਰਦੇ ਕੀਤਾ। ਇਸ ਪਾਰਟੀ ਦੇ ਆਯੋਜਨ ਲਈ ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਲਈ ਅਜਿਹੇ ਸਮਾਗਮਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਦੇ ਨਾਲ ਨਾਲ ਆਪਣਾ ਧਿਆਨ ਪੜ੍ਹਾਈ ਤੇ ਫੋਕਸ ਰੱਖਣ ਲਈ ਪ੍ਰੇਰਿਤ ਕੀਤਾ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ "ਬੈਸਟ ਆਊਟ ਆਫ਼ ਵੇਸਟ" ਵਿਸ਼ੇ 'ਤੇ

# ਨਵੇਕਲੇ ਸੁਝਾਅ ਸੰਬੰਧੀ ਪ੍ਰਤੀਯੋਗਿਤਾ ਤੇ ਪ੍ਰਦਰਸ਼ਨੀ ਆਯੋਜਿਤ



ਤਲਵੰਡੀ ਸਾਬੋ, 28 ਨਵੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਐਗਰੀਕਲਚਰ ਵੱਲੋਂ ਕਿਸਾਨਾਂ ਨੂੰ ਖੇਤੀ ਦੀ ਰਹਿੰਦ-ਖੂਹੰਦ ਸੰਬੰਧੀ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਸਿਰਜਣਾਤਮਕ ਤੇ ਰਚਨਾਤਮਕ ਹੱਲ ਲਈ "ਬੈਸਟ ਆਊਟ ਆਫ਼ ਵੇਸਟ" ਵਿਸ਼ੇ 'ਤੇ ਨਵੇਕਲੇ ਸੁਝਾਅ ਸੰਬੰਧੀ ਪ੍ਰਤੀਯੋਗਿਤਾ ਅਤੇ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਇਸ ਵਿੱਚ 24 ਟੀਮਾਂ ਦੇ 200 ਵਿਦਿਆਰਥੀਆਂ ਨੇ ਖੇਤੀ ਦੀ ਰਹਿੰਦ-ਖੂਹੰਦ ਦੀ ਸੁਚੱਜੀ ਵਰਤੋਂ, ਉਨ੍ਹਾਂ ਦੇ ਘਰੇਲੂ ਅਤੇ ਵਪਾਰਿਕ ਵਰਤੋਂ ਨੂੰ ਸਮਝਾਉਂਦੇ ਸਿਰਜਨਾਤਮਕ ਪ੍ਰੋਜੈਕਟ ਪ੍ਰਦਰਸ਼ਿਤ ਕੀਤੇ ਗਏ। ਪ੍ਰਦਰਸ਼ਨੀ ਦੇ ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਾਈਸ ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਨੇ ਇਨਾਮ ਤਕਸੀਮ ਕੀਤੇ ਜਦਕਿ ਪ੍ਰਦਰਸ਼ਨੀ ਦਾ ਆਗਾਜ਼ ਪਰੋ ਵਾਈਸ ਚਾਂਸਲਰ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਨੇ ਕੀਤਾ। ਇਨਾਮ ਤਕਸੀਮ ਸਮਾਰੋਹ ਮੌਕੇ ਮੁੱਖ ਮਹਿਮਾਨ ਡਾ. ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਅਜਿਹੀਆਂ ਪ੍ਰਤੀਯੋਗਿਤਾਵਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਯਥਾਰਥਪੂਰਣ ਤੇ ਅਮਲੀ ਰੂਪ ਲੈਣ ਵਾਲੇ ਪ੍ਰੋਜੈਕਟਾਂ ਤੇ ਕੰਮ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਜੈਕਟ ਅਤੇ ਕ੍ਰਿਆਤਮਕ ਸੁਝਾਅ ਲੋਕਾਈ ਦੇ ਹਿੱਤ ਵਿੱਚ ਹੋਣਗੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਖੋਜ ਘੱਟ ਖਰਚ ਅਤੇ ਵੱਧ ਲਾਭ ਦੇ ਅਸੂਲਾਂ 'ਤੇ ਆਧਾਰਿਤ ਹੋਣੀ ਚਾਹੀਦੀ ਹੈ। ਪ੍ਰਦਰਸ਼ਨੀ ਦੇ ਆਗਾਜ਼ ਮੌਕੇ ਡਾ. ਧੀਮਾਨ ਨੇ ਕਿਹਾ ਕਿ ਵਿਦਿਆਰਥੀਆਂ ਵਿੱਚ ਖੇਤੀ ਨੂੰ ਲੋੜ ਮੁਤਾਬਿਕ ਢਾਲਣ ਦੀ ਵਿਲੱਖਣ ਪ੍ਰਤਿਭਾ ਹੈ ਜਿਨ੍ਹਾਂ ਨੂੰ ਉਨ੍ਹਾਂ ਨੇ ਆਪਣੀਆਂ ਕਲਾ ਕ੍ਰਿਤੀਆਂ ਰਾਹੀਂ ਪ੍ਰਦਰਸ਼ਿਤ ਕੀਤਾ ਹੈ। ਉਨ੍ਹਾਂ ਪ੍ਰਦਰਸ਼ਨੀ ਵਿੱਚ ਝੋਨੇ ਦੀ ਪਰਾਲੀ ਨੂੰ ਸੁਧਾਰ ਕੇ ਗਮਲਿਆਂ ਅਤੇ ਨਰਸਰੀ ਵਿੱਚ ਵਰਤਣ ਦੀ ਸੰਭਾਵਨਾ, ਪਾਣੀ ਅਤੇ ਸੂਰਜੀ ਊਰਜਾ ਦੀ ਸੁਚੱਜੀ ਵਰਤੋਂ, ਖੇਤੀ ਰਹਿੰਦ ਖੂਹੰਦ ਦੀ ਵਰਤੋਂ ਕਰਕੇ ਹੋਰ ਸਜਾਵਟੀ ਵਸਤਾਂ ਬਣਾਉਣ, ਘਰਾਂ ਅਤੇ ਵਪਾਰਿਕ ਪੱਧਰ ਤੇ ਵਿਅਰਥ ਸਮੱਗਰੀ ਦੀ ਸਿਰਜਣਾਤਮਕ ਵਰਤੋਂ ਸੰਬੰਧੀ ਪ੍ਰੋਜੈਕਟਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਪ੍ਰੋਜੈਕਟ ਨਾਲ ਸੰਬੰਧਿਤ ਸਵਾਲ ਪੁੱਛੇ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿੱਚ ਬੇਜ਼ੁਬਾਨ ਪਰਿੰਦਿਆਂ ਲਈ ਫੀਡਰ ਸਟੇਸ਼ਨ ਬਣਾਇਆ ਜਾ ਸਕਦਾ ਹੈ ਜਿਨ੍ਹਾਂ ਵਿੱਚ ਪੰਛੀਆਂ ਲਈ ਖਾਣ ਪੀਣ ਅਤੇ ਆਲ੍ਹਣੇ ਬਣਾਉਣ ਦਾ ਵਧੀਆ ਮਾਹੌਲ ਸਿਰਜਿਆ ਜਾ ਸਕਦਾ ਹੈ। ਡੀਨ ਡਾ. ਲੋਕੇਂਦਰ ਕਸ਼ਅਪ ਅਤੇ ਡਾਇਰੈਕਟਰ ਪਸਾਰ ਸਿੱਖਿਆ ਡਾ. ਜਗਦੀਸ਼ ਗਰੋਵਰ ਅਨੁਸਾਰ ਨਤੀਜੇ ਇਸ ਤਰ੍ਹਾਂ ਰਹੇ ਬਰਡਸ ਨੈਸਟ ਐਂਡ ਮਿਨੀ ਗਾਰਡਨ ਦੀ ਟੀਮ ਨੇ ਪਹਿਲਾ, ਨਾਰੀਅਲ ਦੀ ਰਹਿੰਦ ਖੂੰਹਦ ਦੀ ਸੁਚੱਜੀ ਵਰਤੋਂ ਨੂੰ ਦਰਸਾਉਂਦੀ ਥੀਮ ਦੇ ਪ੍ਰੋਜੈਕਟ ਨੇ ਦੂਜਾ ਤੇ ਰਹਿੰਦ-ਖੂਹੰਦ ਤੋਂ ਟੋਕਰੀਆਂ ਤੱਕ ਦੀ ਥੀਮ ਦੇ ਪ੍ਰੋਜੈਕਟ ਨੇ ਤੀਜਾ ਸਥਾਨ ਹਾਸਿਲ ਕੀਤਾ। ਆਯੋਜਕਾਂ ਵੱਲੋਂ ਜੇਤੂਆਂ ਨੂੰ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ।

# ਆਪਣੇ ਗਲੇ ਵਿੱਚ ਨਵੀਂ ਤਖ਼ਤੀ ਪਾ ਲਈ ਹੈ, ਕੌਮ ਤੋ ਖਿਮਾ ਯਾਚਨਾ ਕਰਨੀ ਚਾਹੀਦੀ ਹੈ

### ਵਿਚਾਰ ਆਪੋ-ਆਪਣਾ



ਜਿਹੜਾ ਬੰਦਾ ਰੱਬ ਦੀ ਸਾਬਤ ਸੂਰਤ ਨੂੰ ਭੰਨਦਾ ਹੈ ਉਸਨੂੰ ਬੇਈਮਾਨ ਆਖਿਆ ਜਾਂਦਾ ਹੈ ਕੁਲਵੰਤ ਸਿੰਘ ਧਾਲੀਵਾਲ ਤੁਸੀ ਦਾੜੀ ਤੇ ਕੇਸਾਂ ਉਤੇ ਕਿੰਤੂ ਪ੍ਰੰਤੂ ਕਰਕੇ ਆਪਣੇ ਗਲੇ ਵਿੱਚ ਨਵੀਂ ਤਖ਼ਤੀ ਪਾ ਲਈ ਹੈ ਇਸ ਉੱਤੇ ਤੁਹਾਨੂੰ ਕੌਮ ਤੋ ਖਿਮਾ ਯਾਚਨਾ ਕਰਨੀ ਚਾਹੀਦੀ ਹੈ ਦੁਆਬਾ ਜਲੰਧਰ ਵਿੱਚ ਗੁਰੂ ਨਾਨਕ ਮਿਸ਼ਨ ਹਸਪਤਾਲ ਸਿੱਖ ਸੰਗਤ ਵੱਲੋਂ ਖੋਲਿਆ ਗਿਆ ਦੁਆਬਾ ਬਿਲਗਾ ਦੀ ਸੰਗਤ ਵੱਲੋਂ ਹਸਪਤਾਲ ਦੁਆਬਾ ਢਾਂਹਾ ਕਲੇਰਾਂ ਬੰਗਾ ਰੋਡ ਹਸਪਤਾਲ ਹੋਰ ਕਈ ਅਦਾਰੇ ਸਿੱਖ ਸੰਗਤ ਵੱਲੋਂ ਚਲਾਏ ਜਾ ਰਹੇ ਹਨ ਤੁਹਾਡੇ ਸੰਸਾਰ ਉਤੇ ਆਉਣ ਤੋ ਪਹਿਲਾਂ ਸਿੱਖ ਸੰਗਤ ਦੁਖੀਆਂ ਕੋੜੀਆ ਅਤੇ ਰੋਗੀਆਂ ਦੀ ਸੇਵਾ ਕਰ ਰਹੀ ਸੀ ਅਤੇ ਗੁਰਦੁਆਰੇ ਵੀ ਬਣਾ ਰਹੇ ਸਨ ਤੁਹਾਡੇ ਜਹਾਨੋ ਲੱਦ ਜਾਣ ਤੋ ਬਾਅਦ ਵੀ ਸੰਗਤ ਤਨ ਮਨ ਧਨ ਨਾਲ ਸੇਵਾ ਕਰੇਗੀ ਮੈਨੂੰ ਕਿਸੇ ਵੀਰ ਨੇ ਕਿਹਾ ਭਾਜੀ ਕੁਲਵੰਤ ਧਾਲੀਵਾਲ ਨੂੰ ਗੁਰੂਘਰ ਦੀ ਸਟੇਜ ਤੋ ਸਮਾਂ ਦੇਣਾ ਉਹ ਤੁਹਾਡੇ ਨਾਲ ਸੰਪਰਕ ਕਰਨਗੇ ਮੈਂ ਸੋਚ ਵਿਚਾਰ ਕੇ ਕਿਹਾ ਚਲੋ ਕੋਈ ਗੱਲ ਨਹੀਂ ਇੱਕ ਦੋ ਗੱਲਾਂ ਹਨ ਪਹਿਲਾਂ ਉਹ ਕਰਾਂਗੇ ਫਿਰ ਸਮਾਂ ਮਿਲ ਜਾਵੇਗਾ ਧਾਲੀਵਾਲ ਸਾਬ ਦਾ ਫੋਨ ਆਇਆ ਕਹਿੰਦਾ ਸੰਗਤ ਦੇ ਦਰਸ਼ਨ ਕਰਨੇ ਹਨ ਐਤਵਾਰ ਦੁਪਹਿਰ ਆਵਾਂਗਾ ਡੇਢ ਕੁ ਸਾਲ ਦੀ ਗੱਲ ਆ ਮੈਂ ਕਿਹਾ ਭਾਜੀ ਤੁਸੀ ਲੰਗਰ ਨੂੰ ਬਹੁਤ ਭੰਡਦੇ ਆ ਦਵਾਈ ਆਪਣੇ ਥਾਂ ਲੰਗਰ ਆਪਣੇ ਥਾਂ ਭੁੱਖ ਦਾ ਰੋਟੀ ਨਾਲ ਮੇਲ ਆ ਦਵਾਈ ਦਾ ਰੋਗ ਨਾਲ ਤੁਸੀਂ ਸਟੇਜ ਤੋ ਇਹ ਗੱਲ ਨਾ ਦੁਹਰਾਉਣਾ ਸੰਗਤ ਤੁਹਾਡੇ ਕੰਮਾਂ ਦੀ ਸ਼ਲਾਗਾ ਕਰਦੀ ਆ ਪਰ ਇਹੋ ਜਿਹੀਆਂ ਨਿਗੂਣੀਆਂ ਗੱਲਾਂ ਨਾ ਕਰਿਆ ਕਰੋ ਖੈਰ ਚੈੱਕ ਲੈਣਾ ਸੀ ਹਾਂ ਹਾਂ ਕਰਦੇ ਰਹੇ ਸਟੇਜ ਤੋ ਟਾਈਮ ਦਿੱਤਾ ਗੱਲ ਕਰਦੇ ਕਰਦੇ ਫਿਰ ਉਹੀ ਕੁੱਝ ਕਿਹਾ ਆਪਣੀ ਵਿਦਵਤਾ ਘੋਲਣ ਤੋ ਰੁਕੇ ਨਹੀਂ ਸਮਾਂ ਖਤਮ ਹੋਇਆ ਮੈ ਕਿਹਾ ਭਾਜੀ ਇਹ ਤੁਸੀਂ ਚੰਗਾ ਨਹੀਂ ਕੀਤਾ ਬੇਸ਼ਰਮਾ ਵਾਗ ਦੰਦ ਕੱਢੀ ਗਿਆ ਚਲੋ ਦੁਬਾਰਾ ਗੁਰੂ ਘਰੋ ਸਮਾ ਨਹੀ ਦਿੱਤਾ ਕਿਸੇ ਹੋਰ ਵੀਰ ਨਾਲ ਠੱਗੀ ਮਾਰੀ ਸੀ ਉਹ ਸਟੇਜ ਤੋ ਲਾਹੁਣ ਨੂੰ ਕਹਿ ਰਿਹਾ ਸੀ ਉਸ ਨੂੰ ਠੰਡਾ ਕੀਤਾ ਹੁਣ ਸੋਚਦਾ ਉਸ ਦਿਨ ਭਾਂਡਾ ਭੱਜਣਾ ਚਾਹੀਦਾ ਸੀ ਹਰ ਸਮੇਂ ਇਸ ਨੇ ਆਪਣੇ ਗੰਜੇਪਨ ਨੂੰ ਸਹੀ ਠਰਾਉਣਾ ਕੇਸ ਦਾੜੀ ਵਾਲੇ ਸਿੱਖਾਂ ਦੀ ਬੇਜਤੀ ਕਰਨੀ ਇਸ ਦਾ ਮੁੱਖ ਮਕਸਦ ਬਣ ਗਿਆ ਚਾਰ ਗੱਲਾਂ ਸਿੱਖੀ ਦੀਆਂ ਕਰਕੇ ਲੋਕਾ ਨੂੰ ਮਗਰ ਲਾਉਣਾ ਧੰਦਾ ਬਣ ਗਿਆ ਅੱਜਕੱਲ ਤਾਜ਼ੀਆਂ ਇਟਰਵਿਊ ਵਿੱਚ ਜੋ ਝੱਲ ਖਿਲਾਰਿਆ ਉਸ ਨਾਲ ਸਾਰੇ ਪਾਸੇ ਤੋਇ ਤੋਇ ਹੋ ਗਈ ਹੁਣ ਸਫ਼ਾਈਆਂ ਪੇਸ਼ ਕਰੀ ਜਾਵੇਗਾ ਜੁਬਾਨ ਜਿੰਨੀ ਦੰਦਾ ਵਿੱਚ ਰਹੇ ਤਾ ਉਨੀ ਚੰਗੀ ਲੰਬੀ ਕਰੀਏ ਤਾ ਦੰਦੀ ਵੱਡਣ ਦਾ ਡਰ ਬਣਿਆ ਰਹਿੰਦਾ ਲੋਕਾਂ ਨੇ ਝੰਭ ਦਿੱਤਾ ਹੁਣ ਸਫਾਈਆਂ ਪੇਸ਼ ਕਰੇਗਾ ਕੋਈ ਸਰਕਾਰ ਹੋਵੇ ਇਹ ਟੂਲ ਬਣ ਕੇ ਮੋਹਰੇ ਹੁੰਦਾ ਬੰਦਾ ਲੋਕਾਂ ਦੇ ਸਰਮਾਏ ਨਾਲ ਅਮੀਰ ਨਹੀਂ ਬਣ ਜਾਂਦਾ ਭਿਖਾਰੀ ਹੀ ਰਹਿੰਦਾ ਸੁਰਤ ਤੋ ਕੰਮ ਲੈਣਾ ਚਾਹੀਦਾ ਸੋਚ ਸਮਝ ਕੇ ਬੋਲਣਾ ਚਾਹੀਦਾ। **-ਆਰ. ਐਸ. ਕੰਗ, ਲੈਸਟਰ (ਯੂ. ਕੇ.)**

# ਆਪ ਦੀ ਮੌਜੂਦਾ ਪੰਜਾਬ ਸਰਕਾਰ ਸੂਬੇ ਦੇ ਚੌਹਪੱਖੀ ਵਿਕਾਸ ਲਈ ਵਚਨਬੱਧ-ਤਲਬੀਰ ਗਿੱਲ

### ਵੇਗੋਵਾਲ ਚ 25 ਲੱਖ ਦੀ ਲਾਗਤ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ



**ਚੌਕ ਮਹਿਤਾ, 28 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀਦੇ ਹਲਕਾ ਮਜੀਠਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਹਲਕੇ ਦੇ ਪਿੰਡ ਗੋਵਾਲ ਵਿੱਚ 1.33 ਕਿਲੋਮੀਟਰ ਲੰਬੀ, ਕਰੀਬ 25 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਜਾਣ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ, ਜਿਨ੍ਹਾਂ ਦਾ ਪਿੰਡ ਵਾਸੀਆਂ, ਸਥਾਨਕ ਅਹੁਦੇਦਾਰਾਂ, ਪਾਰਟੀ ਵਰਕਰਾਂ ਤੇ ਇਲਾਕਾ ਨਿਵਾਸੀਆਂ ਵੱਲੋਂ ਗਿੱਲ ਦਾ ਗਰਮਜੱਬੀ ਨਾਲ ਸਵਾਗਤ ਕੀਤਾ ਗਿਆ। ਨੀਂਹ ਪੱਥਰ ਰੱਖਣ ਉਪਰੰਤ ਤਲਬੀਰ ਗਿੱਲ ਨੇ ਗੱਲਬਾਤ ਕਰਦਿਆਂ ਕਿਹਾ ਕਿ " ਸਾਡੀ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਵਿਕਾਸ ਦਾ ਫ਼ਾਇਦਾ ਸਿੱਧਾ ਲੋਕਾਂ ਤੱਕ ਪਹੁੰਚੇ। ਸੜਕਾਂ ਦੀ ਮੁਰੰਮਤ ਤੋਂ ਲੈ ਕੇ ਨਵੀਆਂ ਸੜਕਾਂ ਦੇ ਨਿਰਮਾਣ ਤੱਕ-ਹਰ ਕੰਮ ਪੂਰੀ ਪਾਰਦਰਸ਼ਤਾ ਨਾਲ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸੜਕ ਦੇ ਬਣਨ ਨਾਲ ਪਿੰਡ ਵੇਗੋਵਾਲ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਆਵਾਜਾਈ ਸੁਖੱਲੀ ਹੋਵੇਗੀ , ਜਿਸ ਦਾ ਸਿੱਧਾ ਲਾਭ ਨਜਦੀਕੀ ਲੋਕਾਂ ਤੇ ਆਮ ਰਾਹਗੀਰਾਂ ਨੂੰ ਮਿਲੇਗਾ। ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਮੌਜੂਦਾ ਪੰਜਾਬ ਸਰਕਾਰ ਸੂਬੇ ਤੇ ਇਲਾਕੇ ਦੇ ਵਿਕਾਸ ਲਈ ਵਚਨਬੱਧ ਹੈ। ਪਿੰਡਾਂ ਦੀਆਂ ਸੜਕਾਂ, ਗਲੀਆਂ, ਡਰੇਨੇਜ ਸਿਸਟਮ, ਸਕੂਲਾ ਅਤੇ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ * ਪੰਜਾਬ ਸਰਕਾਰ ਨੇ ਹਲਕਾ ਮਜੀਠਾ ਦੇ ਅਨੇਕਾਂ ਪਿੰਡਾਂ ਵਿੱਚ ਰੁਕੀਆਂ ਪਈਆਂ ਵਿਕਾਸ ਯੋਜਨਾਵਾਂ ਨੂੰ ਮੁੜ ਸ਼ੁਰੂ ਕੀਤਾ ਹੈ। ਇਸ ਮੌਕੇ ਬਲਜਿੰਦਰ ਸਿੰਘ ਛੀਨਾ ਸਿਆਸੀ ਸਲਾਹਕਾਰ ਗਿੱਲ, ਸੁਖਵਿੰਦਰ ਸਿੰਘ ਸਰਪੰਚ, ਬਲਵਿੰਦਰ ਸਿੰਘ ਮੈਂਬਰ, ਪਰਮਜੀਤ ਸਿੰਘ ਮੈਂਬਰ, ਗੁਰਮੀਤ ਸਿੰਘ ਮੈਂਬਰ, ਹਰਦਿਆਲ ਸਿੰਘ ਸਾਬਕਾ ਸਰਪੰਚ, ਬਲਕਾਰ ਸਿੰਘ ਸਾਬਕਾ ਸਰਪੰਚ, ਭੁਪਿੰਦਰ ਸਿੰਘ, ਸਤਨਾਮ ਸਿੰਘ ਸੰਧੂ, ਰੇਸ਼ਮ ਸਿੰਘ, ਭੁਪਿੰਦਰ ਸਿੰਘ ਬੱਬੂ, ਗੁਰਪਿੰਦਰ ਸਿੰਘ ਸੰਧੂ, ਗੁਰਿੰਦਰ ਸਿੰਘ ਸੰਧੂ, ਗੁਰਪ੍ਰੀਤ ਸਿੰਘ ਸੰਧੂ, ਹਰਪਾਲ ਸਿੰਘ ਸੰਧੂ, ਤਰਲੋਚਨ ਸਿੰਘ ਸੰਧੂ, ਕੁਲਜੀਤ ਸਿੰਘ ਸਿੱਧੂ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੋਮਣੀ ਅਕਾਲੀ ਦਲ ਨੇ

# ਜਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦਾ ਬਿਗਲ ਵਜਾਇਆ



## ਕੋਰ ਕਮੇਟੀ ਮੈਂਬਰ ਐੱਸ.ਆਰ.ਕਲੇਰ ਨੇ ਕੀਤੀ ਮਾਣੂੰਕੇ ਜੋਨ ਇਲਾਕੇ ਦੇ ਆਗੂਆਂ ਨਾਲ ਮੀਟਿੰਗ

ਜਗਰਾਉਂ -(ਵਰਿਆਮ ਹਠੂਰ) ਜਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਨੂੰ ਲੈ ਕੇ ਸਾਰੀਆਂ ਹੀ ਰਾਜਨੀਤਕ ਧਿਰਾਂ ਨੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ, ਜਿਸ ਦੇ ਚਲਦਿਆਂ ਹਲਕਾ ਜਗਰਾਉਂ ਦੇ ਸਾਬਕਾ ਵਿਧਾਇਕ ਅਤੇ ਕੋਰ ਕਮੇਟੀ ਮੈਂਬਰ ਐੱਸ.ਆਰ.ਕਲੇਰ ਨੇ ਮਾਣੂੰਕੇ ਜੋਨ ਇਲਾਕੇ ਦੇ ਆਗੂਆਂ ਨਾਲ ਮੀਟਿੰਗ ਕਰਕੇ ਇਨਾਂ ਚੋਣਾਂ 'ਚ ਸ਼ਾਨਦਾਰ ਜਿੱਤ ਹਾਸਿਲ ਕਰਨ ਲਈ ਤਕੜੇ ਹੋਣ ਦਾ ਸੱਦਾ ਦਿੱਤਾ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਰਣਨੀਤੀ ਉਲੀਕੀ ਗਈ। ਪਿੰਡ ਮਾਣੂੰਕੇ ਵਿਖੇ ਸਸ਼ੋਭਿਤ ਇਤਿਹਾਸਿਕ ਗੁਰਦੁਆਰਾ ਜੌੜੀਆਂ ਸਾਹਿਬ ਵਿਖੇ ਪਾਰਟੀ ਵਰਕਰਾਂ ਦੀ ਹੋਈ ਮੀਟਿੰਗ ਦੌਰਾਨ ਪਾਰਟੀ ਦੇ ਜਿਲਾ ਪ੍ਰਧਾਨ ਸ.ਚੰਦ ਸਿੰਘ ਡੱਲਾ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸ.ਗੁਰਚਰਨ ਸਿੰਘ ਗਰੇਵਾਲ ਵੀ ਉਚੇਚੇ ਤੌਰ 'ਤੇ ਹਾਜਰ ਹੋਏ। ਮੀਟਿੰਗ ਦੌਰਾਨ ਤਰਨਤਾਰਨ ਜਿਮਨੀ ਚੋਣ ਦੇ ਪਰਭਾਵੀ ਨਤੀਜਿਆਂ ਨੂੰ ਲੈ ਕੇ ਅਕਾਲੀ ਵਰਕਰਾਂ ਵਿਚ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਐੱਸ ਆਰ ਕਲੇਰ ਨੇ ਕਿਹਾ ਕਿ ਸੱਤਾਧਾਰੀ ਧਿਰ ਦੀ ਕਾਰਗੁਜਾਰੀ ਨੇ ਆਮ ਲੋਕਾਂ ਨੂੰ ਨਿਰਾਸ਼ ਕੀਤਾ ਹੈ। ਉਨਾਂ ਪਾਰਟੀ ਵਰਕਰਾਂ ਨੂੰ ਤਕੜੇ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਜਿਲਾ ਪ੍ਰੀਸ਼ਦ ਦੇ ਚੋਣ ਨਤੀਜੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੀ ਨੀਂਹ ਰੱਖਣਗੇ। ਇਸ ਮੌਕੇ ਸ. ਚੰਦ ਸਿੰਘ ਡੱਲਾ ਅਤੇ ਸ. ਗੁਰਚਰਨ ਸਿੰਘ ਗਰੇਵਾਲ ਨੇ ਆਖਿਆ ਕਿ ਪੰਜਾਬ ਦੇ ਲੋਕ ਸੱਤਾਧਾਰੀ ਧਿਰ ਦੀ ਸਾਮ, ਦਾਮ, ਦੰਡ, ਭੇਦ ਰਣਨੀਤੀ ਤੋਂ ਵਾਕੁਫ ਹੋ ਚੁੱਕੇ ਹਨ ਤੇ ਲੋਕ ਹੁਣ ਪੰਜਾਬ ਪੱਖੀ ਪਾਰਟੀ ਅਕਾਲੀ ਦਲ ਦੇ ਹੱਕ 'ਚ ਫਤਵਾ ਦੇਣਗੇ। ਇਸ ਮੌਕੇ ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਐੱਸ ਸੀ ਵਿੰਗ ਹਲਕਾ ਪ੍ਰਧਾਨ ਸ ਰੇਸ਼ਮ ਸਿੰਘ ਮਾਣੂੰਕੇ, ਪ੍ਰਧਾਨ ਸਤਨਾਮ ਸਿੰਘ ਬੱਸੂਵਾਲ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕੁਲਾਰਾ, ਸਾਬਕਾ ਸਰਪੰਚ ਨਿਰਮਲ ਸਿੰਘ ਬੁਰਜ ਕੁਲਾਰਾ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਪਰਮਿੰਦਰ ਸਿੰਘ ਕੰਬੋ ਹਠੂਰ, ਰੂਪ ਸਿੰਘ ਬਾਠ ਚਕਰ, ਪੰਚ ਜਸਵਿੰਦਰ ਸਿੰਘ ਲੱਖਾ, ਸਾਬਕਾ ਸਰਪੰਚ ਪਰਮਜੀਤ ਸਿੰਘ ਲੱਖਾ, ਹਰਦੀਪ ਸਿੰਘ ਮਾਣੂੰਕੇ ਯੂਥ ਆਗੂ, ਗੋਪਾਲ ਸਿੰਘ ਨੰਬਰਦਾਰ ਭੰਮੀਪੁਰਾ, ਆਤਮਾ ਸਿੰਘ ਭੰਮੀਪੁਰਾ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਯੂਥ ਆਗੂ ਪ੍ਰਿਤਪਾਲ ਸਿੰਘ ਮੱਲ੍ਹਾ, ਸਾਬਕਾ ਪੰਚ ਸਾਧੂ ਸਿੰਘ ਮਾਣੂੰਕੇ, ਸਰਵੇਸ਼ ਕੁਮਾਰ ਮਾਣੂੰਕੇ, ਸੁਖਮੰਦਰ ਸਿੰਘ ਮਾਣੂੰਕੇ, ਜਸਵੀਰ ਸਿੰਘ ਕਾਉਂਕੇ ਖੋਸਾ, ਤਾਰਾ ਸਿੰਘ ਕਾਉਂਕੇ ਖੋਸਾ, ਪੰਚ ਜਸਪ੍ਰੀਤ ਸਿੰਘ ਚੀਮਾ, ਜਗਜੀਤ ਸਿੰਘ ਡੱਲਾ, ਬਿੱਟੂ ਬਾਵਾ, ਬੂਟਾ ਸਿੰਘ ਬਾਵਾ, ਅਵਤਾਰ ਸਿੰਘ ਮਾਣੂੰਕੇ, ਚਮਕੌਰ ਸਿੰਘ ਮਾਣੂੰਕੇ, ਨੰਬਰਦਾਰ ਜਗਦੇਵ ਸਿੰਘ ਲੰਮੇ, ਪੰਚ ਗੁਰਜੰਟ ਸਿੰਘ ਰਸੂਲਪੁਰ, ਪਾਲ ਸਿੰਘ ਰਸੂਲਪੁਰ, ਰਜਿੰਦਰ ਸਿੰਘ ਰਸੂਲਪੁਰ, ਜਸਵੀਰ ਸਿੰਘ ਰਸੂਲਪੁਰ, ਜਸਪਾਲ ਸਿੰਘ ਰਸੂਲਪੁਰ, ਇੰਦਰਜੀਤ ਸਿੰਘ ਮੱਲ੍ਹਾ, ਗੁਰਬਚਨ ਸਿੰਘ ਮੱਲ੍ਹਾ, ਗੁਰਬਚਨ ਸਿੰਘ ਮਾਣੂੰਕੇ, ਪਰਮਿੰਦਰ ਸਿੰਘ ਮਾਣੂੰਕੇ, ਹਰਦੀਪ ਸਿੰਘ ਮਾਣੂੰਕੇ, ਹਰਮਨਜੀਤ ਸਿੰਘ ਮਾਣੂੰਕੇ, ਜਗਤਾਰ ਸਿੰਘ ਮਾਣੂੰਕੇ, ਸਿਮਰਜੀਤ ਸਿੰਘ ਮਾਣੂੰਕੇ, ਕਰਮਜੀਤ ਸਿੰਘ ਚੀਮਾ, ਹਰਜਿੰਦਰ ਸਿੰਘ ਚੀਮਾ, ਗੁਰਮਿੰਦਰ ਸਿੰਘ ਜੋਜੋ ਮਾਣੂੰਕੇ, ਹਰਜਿੰਦਰ ਸਿੰਘ ਸਿੱਧੂ ਚਕਰ, ਰਾਜਵਿੰਦਰ ਸਿੰਘ ਬੁਰਜ ਕੁਲਾਰਾ, ਗੁਰਪ੍ਰੀਤ ਸਿੰਘ ਬੁਰਜ ਕੁਲਾਰਾ ਤੇ ਹੋਰ ਹਾਜ਼ਰ ਸਨ।

ਇਕ ਚੁਣੇ ਹੋਏ ਮੈਂਬਰ ਪਾਰਲੀਮੈਂਟ ਦੀ ਅਵਾਜ ਨੂੰ ਦਬਾਉਣਾ

# ਲੋਕਤੰਤਰ ਤੇ ਸਿੱਧਾ ਹਮਲਾ : ਬਾਪੂ ਤਰਸੇਮ ਸਿੰਘ





## ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਰੱਦ ਕਰਨ ਤੇ ਸਰਕਾਰ ਦੀ ਜੋਰਦਾਰ ਨਿਖੇਧੀ

**ਅੰਮ੍ਰਿਤਸਰ 27 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਪੈਰੋਲ ਅਰਜ਼ੀ ਨੂੰ ਪੰਜਾਬ ਸਰਕਾਰ ਵੱਲੋਂ ਇੱਕ ਵਾਰ ਫਿਰ ਰੱਦ ਕਰ ਦਿੱਤਾ ਗਿਆ ਹੈ, ਜਿਸਦੀ ਤਿੱਖੀ ਨਿਖੇਧੀ ਕਰਦਿਆਂ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਕਾਨਫਰੰਸ ਦੀ ਅਗਵਾਈ ਬਾਪੂ ਤਰਸੇਮ ਸਿੰਘ ਜੀ ( ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ) ਨੇ ਕੀਤੀ ਅਤੇ ਉਹਨਾਂ ਦੇ ਨਾਲ ਮੁੱਖ ਤੌਰ ਤੇ ਭਾਈ ਪਰਮਜੀਤ ਸਿੰਘ ਜੌਹਲ, ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਚਾਚਾ ਸੁਖਚੈਨ ਸਿੰਘ ਜੀ, ਚਾਚਾ ਪ੍ਰਗਟ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਲਜੀਤ ਸਿੰਘ ਜਵੰਦਾ, ਅਮਨਦੀਪ ਸਿੰਘ ਡੱਡੂਆਣਾਂ, ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਜੁਗਰਾਜ ਸਿੰਘ ਮਹਿਤਾ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਦਇਆ ਸਿੰਘ, ਭਾਈ ਬਲਦੇਵ ਸਿੰਘ ਜੀ, ਭਾਈ ਹਰਪ੍ਰੀਤ ਸਿੰਘ, ਭਾਈ ਸੁਖਪ੍ਰੀਤ ਸਿੰਘ ਅਤੇ ਹੋਰ ਬਹੁਤ ਸਾਰੇ ਸੀਨੀਅਰ ਆਗੂ ਮੌਜੂਦ ਸਨ। ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪੈਰੋਲ ਰੱਦ ਕਰਨਾ ਚੁਣੇ ਹੋਏ ਮੈਂਬਰ ਪਾਰਲੀਮੈਂਟ ਦੀ ਆਵਾਜ਼ ਨੂੰ ਦਬਾਉਣ ਦਾ ਸਪੱਸ਼ਟ ਲੋਕਤੰਤਰ 'ਤੇ ਖ਼ਤਰਨਾਕ ਹਮਲਾ ਹੈ। ਖਡੂਰ ਸਾਹਿਬ ਦੀ ਸੰਗਤ ਨੇ ਭਾਰੀ ਬਹੁਮਤ ਨਾਲ ਭਾਈ ਅੰਮ੍ਰਿਤਪਾਲ ਸਿੰਘ ਨੂੰ ਸੰਸਦ ਲਈ ਚੁਣਿਆ ਹੈ, ਤੇ ਹੁਣ ਸਰਕਾਰ ਉਹਨਾਂ ਨੂੰ ਪਾਰਲੀਮੈਂਟ ਤੱਕ ਜਾਣ ਤੋਂ ਵੀ ਰੋਕ ਰਹੀ ਹੈ ਇਹ ਲੋਕਾਂ ਦੇ ਚੋਣ ਅਧਿਕਾਰ ਦੀ ਤੋਹੀਨ ਹੈ। ਉਹਨਾਂ ਨੇ ਕਿਹਾ ਕਿ ਸਰਕਾਰ ਨੇ ਜਿਸ "ਕਾਨੂੰਨ-ਵਿਵਸਥਾ" ਅਤੇ "ਸਟੇਟ ਸਿਕਿਓਰਿਟੀ" ਦਾ ਹਵਾਲਾ ਦੇ ਕੇ ਪੈਰੋਲ ਰੱਦ ਕੀਤੀ ਹੈ, ਉਹ ਬਿਲਕੁਲ ਬੇਬੁਨਿਆਦ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹ ਪੈਰੋਲ ਰੱਦ ਕਰਵਾਉਣਾ ਉਸਦੇ ਸਿੱਖ ਵਿਰੋਧੀ ਚਿਹਰੇ ਨੂੰ ਪੂਰੀ ਤਰ੍ਹਾਂ ਬੇਨਕਾਬ ਕਰਦਾ ਹੈ। ਜੋ ਫ਼ੈਸਲੇ ਸਿੱਖ ਨੌਜਵਾਨਾਂ ਦੀ ਆਵਾਜ਼ ਨੂੰ ਰੋਕਣ ਲਈ ਕੀਤੇ ਜਾ ਰਹੇ ਹਨ, ਉਹ ਇਹ ਸਾਬਤ ਕਰਦੇ ਹਨ ਕਿ ਮਾਨ ਸਰਕਾਰ ਲੋਕਤੰਤਰ ਨਹੀਂ, ਰਾਜਨੀਤਿਕ ਬਦਲੇ ਦੀ ਨੀਤੀ 'ਤੇ ਚੱਲ ਰਹੀ ਹੈ। ਖ਼ਾਸ ਗੱਲ ਇਹ ਹੈ ਕਿ ਸਰਕਾਰ ਰਾਜਨੀਤਿਕ ਬਦਲਾਖੋਰੀ 'ਤੇ ਨਿਰਭਰ ਹੋ ਕੇ ਇੱਕ ਚੁਣੇ ਹੋਏ ਜਨ-ਨੁਮਾਇੰਦੇ ਨੂੰ ਪੂਰੀ ਤਰ੍ਹਾਂ ਖਾਮੋਸ਼ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਵੀ ਧਿਆਨਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਨੇ ਕੋਈ ਸਿਆਸੀ ਰੈਲੀਆਂ, ਜਲਸੇ ਜਾਂ ਪੰਜਾਬ ਵਿੱਚ ਘੁੰਮਣ ਫਿਰਣ ਦੀ ਮੰਗ ਨਹੀਂ ਕੀਤੀ ਸੀ। ਉਹ ਸਿਰਫ਼ ਆਪਣੀ ਸੰਸਦੀ ਜ਼ਿੰਮੇਵਾਰੀ ਨਿਭਾਉਣ ਲਈ ਦਿੱਲੀ ਲੋਕ ਸਭਾ ਵਿੱਚ ਹਾਜ਼ਰ ਹੋਣ ਦੀ ਇਜਾਜ਼ਤ ਮੰਗ ਰਹੇ ਸਨ, ਪਰ ਸਰਕਾਰ ਨੇ ਜਾਣ-ਬੁੱਝ ਕੇ ਇਸ ਸਧਾਰਣ ਅਤੇ ਵਾਜਬ ਮੰਗ ਨੂੰ ਵੀ ਰਾਜਨੀਤਿਕ ਦਬਾਅ ਤੋਂ ਪ੍ਰੇਰਿਤ ਹੋ ਕੇ ਇਕ ਵਾਰ ਫਿਰ ਤੋਂ ਰੱਦ ਕਰ ਦਿੱਤਾ। ਉਹਨਾਂ ਕਿਹਾ ਕਿ ਡੀ. ਐਮ. ਅਤੇ ਐਸ. ਐਸ. ਪੀ. ਅੰਮ੍ਰਿਤਸਰ ਰੂਰਲ ਵੱਲੋਂ ਦਿੱਤੀਆਂ ਇਕੋ ਜਿਹੀਆਂ ਰਿਪੋਰਟਾਂ ਦਾ ਹਵਾਲਾ ਦੇ ਕੇ, ਸਰਕਾਰ ਨੇ ਪੂਰੇ ਮਾਮਲੇ ਨੂੰ ਸਿਰਫ਼ "ਖ਼ਤਰੇ" ਦੀ ਕਾਗਜ਼ੀ ਕਹਾਣੀ 'ਚ ਬਦਲ ਦਿੱਤਾ ਹੈ ਜਦੋਂ ਕਿ ਮੌਜੂਦਾ ਹਕੀਕਤ ਇਹ ਹੈ ਕਿ ਇੱਕ ਐਮ. ਪੀ. ਨੂੰ ਸੰਸਦ ਤੱਕ ਜਾਣ ਨਾਲ ਕਿਸੇ ਕਿਸੇ ਕਿਸਮ ਦਾ ਵਿਘਨ ਪੈਣ ਦੀ ਕੋਈ ਸੰਭਾਵਨਾ ਹੀ ਨਹੀਂ ਦਿਖਾਈ ਗਈ। ਬਾਪੂ ਤਰਸੇਮ ਸਿੰਘ ਜੀ ਸਮੇਤ ਸਾਰੇ ਬੁਲਾਰਿਆਂ ਨੇ ਇਸ ਗੱਲ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਕਿਹਾ ਕਿ ਅੰਮ੍ਰਿਤਪਾਲ ਸਿੰਘ ਨੂੰ ਸੰਸਦ ਵਿੱਚ ਹਾਜ਼ਰੀ ਤੋਂ ਰੋਕਣਾਂ ਖਡੂਰ ਸਾਹਿਬ ਹਲਕੇ ਦੇ ਲੱਖਾਂ ਲੋਕਾਂ ਦੀ ਆਵਾਜ਼ ਨੂੰ ਰੋਕਣ ਦੇ ਬਰਾਬਰ ਹੈ, ਜੋ ਆਪਣੇਂ ਹਲਕੇ ਦੇ ਚੁਣੇਂ ਹੋਏ ਨੁਮਾਇੰਦੇ ਤੋਂ ਉਮੀਦ ਰੱਖਦੇ ਹਨ। ਪਾਰਟੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਹ ਮਾਮਲਾ ਕੇਵਲ ਇੱਕ ਵਿਅਕਤੀ ਦੀ ਪੈਰੋਲ ਦਾ ਨਹੀਂ, ਬਲਕਿ ਲੋਕਾਂ ਦੇ ਲੋਕਤੰਤਰਕ ਅਧਿਕਾਰਾਂ ਦੀ ਰੱਖਿਆ ਦਾ ਮੁੱਦਾ ਹੈ। ਇਕ ਵਾਰ ਫਿਰ ਤੋਂ ਪੈਰੋਲ ਰੱਦ ਕਰਨ ਦਾ ਵਰਤਾਰਾ ਸਪੱਸ਼ਟ ਕਰਦਾ ਹੈ ਕਿ ਸਰਕਾਰ ਨੂੰ ਕੇਵਲ ਭਾਈ ਅੰਮ੍ਰਿਤਪਾਲ ਸਿੰਘ ਦੀ ਅਵਾਜ਼ ਤੋਂ ਹੀ ਨਹੀਂ, ਬਲਕਿ ਉਹਨਾਂ ਨੂੰ ਚੁਣਨ ਵਾਲੇ ਪੰਜਾਬ ਦੇ ਲੋਕਾਂ ਦੀ ਤਾਕਤ ਤੋਂ ਵੀ ਡਰ ਹੈ।ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਐਲਾਨ ਕੀਤਾ ਕਿ ਇਸ ਗੈਰ-ਲੋਕਤੰਤਰਿਕ ਧੱਕੇਸ਼ਾਹੀ ਦੇ ਖ਼ਿਲਾਫ਼ ਪਾਰਟੀ ਆਪਣੀਂ ਲੜਾਈ ਜਾਰੀ ਰੱਖੇਗੀ ਅਤੇ ਪੰਜਾਬ ਸਰਕਾਰ ਦੇ ਇਸ ਪੱਖਪਾਤੀ ਤੇ ਰਾਜਨੀਤਿਕ ਫ਼ੈਸਲੇ ਨੂੰ ਹਰ ਮੰਚ 'ਤੇ ਬੇਨਕਾਬ ਕੀਤਾ ਜਾਵੇਗਾ।

# ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿੱਚ ਲਾਇਨਜ਼ ਕਲੱਬ ਰਾਮਾਂ ਵੱਲੋਂ ਸਨਮਾਨ ਸਮਾਰੋਹ



**ਤਲਵੰਡੀ ਸਾਬੋ, 28 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਲਾਇਨਜ਼ ਕਲੱਬ ਰਾਮਾਂ ਦੇ ਪ੍ਰਧਾਨ ਸ਼੍ਰੀ ਭੂਸ਼ਣ ਲਹਿਰੀ ਵੱਲੋਂ ਸਬ ਜਿਲ੍ਹਾ ਹਸਪਤਾਲ ਤਲਵੰਡੀ ਸਾਬੋ ਵਿੱਚ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਹ ਸਨਮਾਨ ਪੱਤਰ ਲਾਇਨਜ਼ ਕਲੱਬ ਰਾਮਾਂ ਦੀ ਟੀਮ ਵੱਲੋਂ ਕੀਤੇ ਗਏ ਸਰਵੇਅ ਦੇ ਆਧਾਰ 'ਤੇ ਹਸਪਤਾਲ ਦੇ ਚੰਗੇ ਕਾਰਜ ਅਤੇ ਮਰੀਜ਼-ਸੇਵਾ ਵਿੱਚ ਯੋਗਦਾਨ ਨੂੰ ਧਿਆਨ ਵਿੱਚ ਰੱਖਦੇ ਹੋਏ ਦਿੱਤੇ ਗਏ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਨੇ ਲਾਇਨਜ਼ ਕਲੱਬ ਰਾਮਾਂ ਦੀ ਟੀਮ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਸਨਮਾਨ ਹੈਲਥ ਸਟਾਫ ਨੂੰ ਹੋਰ ਤਨਦੇਹੀ ਅਤੇ ਨਿਸ਼ਕਾਮ ਭਾਵਨਾ ਨਾਲ ਸੇਵਾ ਕਰਨ ਲਈ ਪ੍ਰੇਰਿਤ ਕਰਦੇ ਹਨ। ਸਰਵੇਅ ਅਧਾਰਿਤ ਡਾ. ਜਗਰੂਪ ਸਿੰਘ (ਮੈਡੀਸਿਨ ਦੇ ਮਾਹਰ) ਡਾ. ਤਜਿੰਦਰਪਾਲ ਕੌਰ (ਬੱਚਿਆਂ ਦੇ ਮਾਹਰ) ਡਾ. ਮਿਨਾਕਸ਼ੀ (ਨੱਕ ਕੰਨ ਗਲੇ ਦਾ ਮਾਹਰ) ਡਾ. ਲਵਕੇਸ਼ ਗੁਪਤਾ( ਸਰਜਨ) ਡਾ. ਹਰਲੀਨ ਕੌਰ (ਅੱਖਾਂ ਦੇ ਮਾਹਰ) ਡਾ. ਅੰਕਿਤਾ (ਗਾਇਨਾਕੋਲੌਜਿਸਟ) ਸ਼੍ਰੀ ਹਰਪ੍ਰੀਤ ਸ਼ਰਮਾ (ਫਾਰਮੇਸੀ ਅਫ਼ਸਰ) ਸ੍ਰੀਮਤੀ ਗੁਰਸਿਮਰਤ ਕੌਰ (ਬੀ ਈ ਈ) ਨੂੰ ਸਨਮਾਨ ਪੱਤਰ ਦਿੱਤਾ ਗਿਆ। ਲਾਇਨਜ਼ ਕਲੱਬ ਰਾਮਾਂ ਹੋਪ ਦੇ ਪ੍ਰਧਾਨ ਸ਼੍ਰੀ ਭੂਸ਼ਣ ਲਹਿਰੀ ਨੇ ਕਿਹਾ ਕਿ ਇਹ ਸਨਮਾਨ ਹਸਪਤਾਲ ਸਟਾਫ ਦੁਆਰਾ ਮਰੀਜ਼ਾਂ ਪ੍ਰਤੀ ਦਿਖਾਈ ਜਾ ਰਹੀ ਸਮਰਪਣਾ ਅਤੇ ਬਿਹਤਰ ਸੇਵਾਵਾਂ ਦਾ ਪ੍ਰਤੀਕ ਹਨ। ਉਨ੍ਹਾਂ ਵੱਲੋਂ ਯਕੀਨ ਦਵਾਇਆ ਗਿਆ ਕਿ ਕਲੱਬ ਅਗਾਂਹ ਵੀ ਇਸ ਤਰ੍ਹਾਂ ਦੀਆਂ ਸਮਾਜਿਕ ਗਤੀਵਿਧੀਆਂ ਵਿੱਚ ਯੋਗਦਾਨ ਜਾਰੀ ਰੱਖੇਗਾ।

# ਵਿਸ਼ਵ ਪੰਜਾਬੀ ਸਭਾ ਕੈਨੇਡਾ ਵਲੋਂ ਸਫਲ ਅੱਖਾਂ ਦਾ ਕੈਂਪ ਪਿੰਡ ਜੀਵਨ ਸਿੰਘ ਵਾਲਾ ਵਿਖੇ 400 ਤੋਂ ਵੱਧ ਮਰੀਜਾਂ ਦਾ ਕੀਤਾ ਚੈੱਕ ਅੱਪ ਅਤੇ ਇਲਾਜ






**ਬਠਿੰਡਾ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾ ਦਲਬੀਰ ਸਿੰਘ ਕਥੂਰੀਆ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠਾਂ ਅੱਜ ਮਿਤੀ 27 ਨਵੰਬਰ 2025 ਨੂੰ ਅੱਖਾਂ ਦਾ ਮੁਫ਼ਤ ਜਾਂਚ ਅਤੇ ਆਪ੍ਰੇਸ਼ਨ ਕੈਂਪ ਪਿੰਡ ਜੀਵਨ ਸਿੰਘ ਵਾਲਾ, ਤਲਵੰਡੀ ਸਾਬੋ ਜ਼ਿਲ੍ਹਾ ਬਠਿੰਡਾ ਵਿਖੇ ਲਗਾਇਆ ਗਿਆ। ਚੇਅਰਮੈਨ ਸਾਹਬ ਵੱਲੋਂ ਸਮਾਜ ਭਲਾਈ ਦੇ ਕੰਮਾਂ ਨੂੰ ਲੋੜਵੰਦ ਪਰਿਵਾਰਾਂ ਤੱਕ ਲਿਜਾਉਣ ਲਈ ਪਹਿਲ ਦੇ ਆਧਾਰ ਤੇ ਰੱਖਿਆ ਹੈ। ਜਿਸ ਦੀ ਅਗਵਾਈ ਕੌਮੀ ਪ੍ਰਧਾਨ ਬਲਬੀਰ ਕੌਰ ਰਾਏਕੋਟੀ, ਜ਼ਿਲ੍ਹਾ ਪ੍ਰਧਾਨ ਬਠਿੰਡਾ ਸ ਅਮਰਜੀਤ ਸਿੰਘ ਜੀਤ, ਮੀਤ ਪ੍ਰਧਾਨ ਸਾਹਿਬਾ ਜੀਟਨ ਕੌਰ ਅਤੇ ਕੈਂਪ ਇੰਚਾਰਜ਼ ਸ ਬਲਵਿੰਦਰ ਸਿੰਘ ਭੱਠਲ ਸਾਬਕਾ ਸੀ.ਆਈ.ਡੀ ਇੰਸਪੈਕਟਰ ਵੱਲੋਂ ਕੀਤੀ ਗਈ। ਸ਼ੰਕਰਾ ਆਈ ਕੇਅਰ ਹਸਪਤਾਲ ਦੀ ਮਾਹਿਰ ਟੀਮ ਵੱਲੋਂ 400 ਤੋਂ ਵੱਧ ਲੋੜਵੰਦ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਜਿਸ ਵਿੱਚੋਂ 57 ਚਿੱਟੇ ਮੋਤੀਏ ਦੇ ਆਪ੍ਰੇਸ਼ਨ ਵਾਲੇ ਮਰੀਜ਼ਾਂ ਨੂੰ ਸਕਰੀਨ ਕੀਤਾ ਅਤੇ ਆਪ੍ਰੇਸ਼ਨ ਦੇ ਯੋਗ 22 ਮਰੀਜ਼ਾਂ ਨੂੰ ਹਸਪਤਾਲ ਲਿਆਂਦਾ ਗਿਆ ਹੈ। ਇਨ੍ਹਾਂ ਕੈਂਪਾਂ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਅੱਜ ਦੇ ਸਮੇਂ ਵਿੱਚ ਬਲੱਡ ਪਰੈਸ਼ਰ ਅਤੇ ਸ਼ੂਗਰ ਦੀ ਬਿਮਾਰੀ ਬਹੁਤ ਜ਼ਿਆਦਾ ਪਾਈ ਜਾ ਰਹੀ ਹੈ ਜਿਸ ਬਾਰੇ ਆਉਂਣ ਵਾਲੇ ਸਮੇਂ ਵਿੱਚ ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਉਪਰਾਲੇ ਕੀਤੇ ਜਾਣਗੇ ਮੌਕੇ ਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਅੱਖਾਂ ਦੀ ਦਵਾਈ ਅਤੇ 350 ਨੇੜੇ ਦੀ ਨਜ਼ਰ ਦੀਆਂ ਐਨਕਾਂ ਦਿੱਤੀਆਂ ਗਈਆਂ ।ਇਸ ਕੈਂਪ ਲਈ ਵਿਸ਼ੇਸ਼ ਸਹਿਯੋਗ ਵਿਰਸਾ ਚੇਤਨਾ ਕਲੱਬ ਜੀਵਨ ਸਿੰਘ ਵਾਲਾ , ਯੁਵਕ ਭਲਾਈ ਕਲੱਬ ਜੀਵਨ ਸਿੰਘ ਵਾਲਾ ਅਤੇ ਸ ਰੇਸ਼ਮ ਸਿੰਘ, ਸ ਚਮਕੌਰ ਸਿੰਘ ਸਰਪੰਚ, ਕੁਲਦੀਪ ਸਿੰਘ ਸਾਬਕਾ ਸਰਪੰਚ, ਸ ਸੁਖਮਿੰਦਰ ਸਿੰਘ ਭਾਗੀ ਵਾਂਦਰ ਪ੍ਰਧਾਨ ਦਮਦਮਾ ਸਾਹਿਬ ਸਾਹਿਤ ਸਭਾ ਤਲਵੰਡੀ ਸਾਬੋ ਦੀ ਸਮੁੱਚੀ ਟੀਮ, ਅਤੇ ਹੋਰ ਸ਼ਖ਼ਸੀਅਤਾਂ ਨੇ ਆਪਣਾ ਯੋਗਦਾਨ ਪਾਇਆ। ਮਰੀਜ਼ਾਂ ਨੂੰ ਬੱਸ ਰਾਹੀਂ ਸ਼ੰਕਰਾ ਆਈ ਕੇਅਰ ਹਸਪਤਾਲ ਲਿਆਂਦਾ ਗਿਆ ਜਿਥੇ ਉਨ੍ਹਾਂ ਦੇ ਆਪ੍ਰੇਸ਼ਨ ਕੀਤੇ ਜਾਣਗੇ ਅਤੇ ਅਗਲੇ ਦਿਨ ਉਨ੍ਹਾਂ ਨੂੰ ਪਿੰਡ ਛੱਡਕੇ ਆਇਆ ਜਾਵੇਗਾ ।ਡਾ ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਨੇ ਕੈਂਪ ਵਿੱਚ ਸ਼ਾਮਿਲ ਹੋ ਕੇ ਡਾਕਟਰਾਂ ਦੀ ਟੀਮ ਅਤੇ ਸਹਿਯੋਗੀ ਸੰਸਥਾਵਾਂ ਦਾ ਧੰਨਵਾਦ ਕੀਤਾ ।ਪ੍ਰੰਬਧਕਾਂ ਵਲੋਂ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।ਸ ਬਲਵਿੰਦਰ ਸਿੰਘ ਭੱਠਲ ਨੇ ਅੱਜ ਦੇ ਕੈਂਪ ਅਤੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀਆਂ ਸਰਗਰਮੀਆਂ ਬਾਰੇ ਜਾਣਕਾਰੀ ਮੀਡੀਆ ਨਾਲ ਸਾਂਝੀ ਕੀਤੀ ।ਇਸ ਤਰ੍ਹਾਂ ਦੇ ਸਮਾਜਿਕ ਭਲਾਈ ਵਾਲੇ ਕਾਰਜਾਂ ਲਈ ਪਿੰਡ ਦੇ ਸਾਬਕਾ ਅਤੇ ਮੌਜੂਦਾ ਪੰਚਾਇਤ ਅਤੇ ਰੇਸ਼ਮ ਸਿੰਘ ਨੇ ਧੰਨਵਾਦ ਕੀਤਾ।

**-ਅਮਰਜੀਤ ਸਿੰਘ ਜੀਤ, 919417287122**


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਗੁਰਦੁਆਰਾ ਹਰਗੋਬਿੰਦ ਸਰ ਸਾਹਿਬ ਪਿੰਡ ਲੰਗੇਆਣਾ ਪੁਰਾਣਾ ਮੋਗਾ ਵਿਖੇ ਸ਼ਹੀਦੀ ਸ਼ਤਾਬਦੀ ਅਤੇ 7 ਰੋਜ਼ਾ ਚੱਲ ਰਹੇ ਸਮਾਗਮ ਵਿਚ

# ਸਿੱਖ ਕੌਮ ਦੇ ਰਾਗੀ, ਕਥਾਵਾਚਕ ਜਥਿਆਂ ਨੇ ਭਰੀ ਹਾਜ਼ਰੀ







ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਪੁਰਾਣਾ ਮੋਗਾ ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਅੱਠਵੀਂ ਬਰਸੀ ਗੁਰਮੁੱਖ ਪਿਆਰੇ ਭਾਈ ਵੀਰ ਸਿੰਘ ਜੀ ਦੀ 21ਵੀਂ ਬਰਸੀ ਮਨਾਈ ਜਾ ਰਹੀ ਹੈ ਅਤੇ ਇਹ ਸਲਾਨਾ ਸਮਾਗਮ ਜ਼ੋ ਕਿ 23 ਤੋਂ 30 ਨਵੰਬਰ ਤੱਕ ਚੱਲ ਰਹੇ ਹਨ, ਅੱਜ ਦੇ ਸਮਾਗਮਾਂ ਵਿਚ ਜਥੇਦਾਰ ਭਾਈ ਪਿੱਪਲ ਸਿੰਘ ਕਲਗੀਧਰ ਅੰਮ੍ਰਿਤ ਸੰਚਾਰ ਜਥਾ ਤਖਤ ਸ੍ਰੀ ਦਮਦਮਾ ਸਾਹਿਬ ਗੁਰੂ ਕੀ ਕਾਸ਼ੀ, ਗਿਆਨੀ ਗੁਰਸੇਵਕ ਸਿੰਘ ਫ਼ਿਰੋਜ਼ਪੁਰ ਵਾਲੇ, ਗਿਆਨੀ ਗੁਰਮੀਤ ਸਿੰਘ ਦਮਦਮੀ ਟਕਸਾਲ ਸ੍ਰੀ ਖਡੂਰ ਸਾਹਿਬ ਵਾਲਿਆਂ ਨੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਜਥਿਆਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ ਨਾਮ ਸਿਮਰਨ ਕਰੋ, ਵੰਡ ਛਕੋ, ਆਪਣੀ ਕੀਰਤ ਕਮਾਈ ਵਿਚੋਂਦਸਵੰਧ ਕੱਢ ਕੇ ਚੰਗੇ ਪਾਸੇ ਲਾਉ ਇਸ ਮੌਕੇ ਤੇ ਮੁੱਖ ਸੇਵਾਦਾਰ ਬਾਬਾ ਸਾਧੂ ਸਿੰਘ ਦਮਦਮੀ ਟਕਸਾਲ, ਹੈਡ ਗ੍ਰੰਥੀ ਗੁਰਦਿਆਲ ਸਿੰਘ, ਗਿਆਨੀ ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ ਨਗਰ ਰੋਡੇ ਨੇ ਸਮੂਹ ਆਏ ਹੋਏ ਜਥਿਆਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਉਪਰੋਕਤ ਆਗੂਆਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ 30 ਨਵੰਬਰ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ ਅਤੇ ਸੰਗਤਾਂ ਭਾਰੀ ਗਿਣਤੀ ਵਿਚ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ। ਇਸ ਤੋਂ ਇਲਾਵਾ 30 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਭੋਗ ਉਪਰੰਤ ਦਿਨ ਦੇ ਦੀਵਾਨ ਸਜਾਏ ਜਾਣਗੇ, ਜ਼ੋ 10 ਵਜੇ ਤੋਂ 2 ਵਜੇ ਤੱਕ ਚੱਲਣਗੇ, ਜਿਸ ਵਿਚ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਿਠਾਈਆਂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਗੁਰਦੁਆਰਾ ਸਿਮਰਨਸਰ ਸਾਹਿਬ ਡਰੋਲੀ ਭਾਈ (ਮੋਗਾ) ਦੀਵਾਨ ਸਥਾਨ ਪਾਤਸ਼ਾਹੀ ਛੇਵੀਂ, ਸੱਤਵੀਂ, ਨੌਵੀਂ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸ਼ਤਾਬਦੀ ਸਮਾਗਮ 7 ਦਸੰਬਰ ਨੂੰ—ਡਾਕਟਰ ਸੰਤ ਬਾਬਾ ਗੁਰਨਾਮ ਸਿੰਘ



ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਸਿਮਰਨਸਰ ਸਾਹਿਬ ਡਰੋਲੀ ਭਾਈ (ਮੋਗਾ) ਦੀਵਾਨ ਸਥਾਨ ਪਾਤਸ਼ਾਹੀ ਛੇਵੀਂ, ਸੱਤਵੀਂ, ਨੌਵੀਂ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸਾਢੇ ਤ੍ਰੈ ਸ਼ਤਾਬਦੀ ਸਮਾਗਮ 7 ਦਸੰਬਰ ਦਿਨ ਐਤਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ। ਇਹ ਜਾਣਕਾਰੀ ਡਾਕਟਰ ਸ੍ਰੀਮਾਨ ਸੰਤ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਗਤਾਂ ਦੇ ਸਹਿਯੋਗ ਨਾਲ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲ ਦਾਸ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸਾਢੇ ਤ੍ਰੈ ਸ਼ਤਾਬਦੀ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਡਾ: ਸ੍ਰੀਮਾਨ ਸੰਤ ਬਾਬਾ ਗੁਰਨਾਮ ਸਿੰਘ ਨੇ ਅੱਗੇ ਦੱਸਿਆ ਕਿ ਇਸ ਸਬੰਧ ਵਿਚ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਪੰਥ ਦੇ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਗੁਰਇਤਿਹਾਸ ਸੁਣਾ ਕੇ ਨਿਹਾਲ ਰਨਗੇ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਤੋਂ ਇਲਾਵਾ ਗੁਣੀ ਗਿਆਨੀ, ਵਿਦਵਾਨ ਅਤੇ ਪੰਜਾਬ ਤੋਂ ਇਲਾਵਾ ਦੂਰ—ਦੂਰ ਤੋਂ ਸੰਗਤਾਂ ਪਹੁੰਚ ਕੇ ਗੁਰੂ ਸਾਹਿਬ ਅੱਗੇ ਆਪਣੀ ਹਾਜ਼ਰੀ ਲੁਆਉਣ ਗਈਆਂ। ਡਾਕਟਰ ਸ੍ਰੀਮਾਨ ਸੰਤ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਨਾ ਜੀਵਨ ਸਫਲਾ ਬਣਾਓ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਬੀ 19 ਵਨ ਏ.ਏ ਸੋਹੋ ਹਿੱਲ ਇੰਗਲੈਂਡ ਵਿਖੇ ਚੱਲ ਰਹੇ ਸਮਾਗਮਾਂ ਵਿਚ ਅੱਜ ਤੀਸਰੇ ਦਿਨ ਸੰਤ ਬਾਬਾ ਸੀਚੇਵਾਲ ਨੇ ਭਰੀ ਹਾਜ਼ਰੀ




ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਬੀ 19 ਵਨ ਏ.ਏ ਸੋਹੋ ਹਿੱਲ ਇੰਗਲੈਂਡ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਨੂੰ ਸਮਰਪਿਤ ਤੇ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 8ਵੀਂ ਬਰਸੀ ਸਮਾਗਮ ਜ਼ੋ ਕਿ 24 ਨਵੰਬਰ ਤੋਂ 30 ਨਵੰਬਰ ਤੱਕ ਚੱਲ ਰਹੇ ਹਨ, ਅੱਜ ਤੀਸਰੇ ਦਿਨ ਦੀ ਹਾਜ਼ਰੀ ਸੰਤ ਬਾਬਾ ਸੀਚੇਵਾਲ ਨੇ ਕਥਾ ਕੀਰਤਨ ਰਾਹੀਂ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ ਅਤੇ ਕਿਹਾ ਕਿ ਇੰਗਲੈਂਡ ਦੀ ਧਰਤੀ ਤੇ ਆ ਕੇ ਇਹੋ ਜਿਹੇ ਸਮਾਗਮ ਕਰਵਾਉਣੇ ਬਹੁਤ ਵੱਡੀ ਗੱਲ ਹੈ। ਅਸੀਂ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਅਤੇ ਸਮੂਹ ਆਗੂਆਂ ਦਾ ਧੰਨਵਾਦ ਕਰਦੇ ਹਾਂ। ਇਸ ਮੌਕੇ ਤੇ ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਬੀ 19 ਵਨ ਏ.ਏ ਸੋਹੋ ਹਿੱਲ ਇੰਗਲੈਂਡ ਦੇ ਪ੍ਰਬੰਧਕ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਗਿੰਦਰ ਸਿੰਘ ਧੰਜਲ ਨੇ ਸਮੂਹ ਆਈ ਹੋਈ ਸੰਗਤ ਦਾ ਧੰਨਵਾਦ ਕੀਤਾ ਅਤੇ ਖਾਸ ਤੌਰ ਤੇ ਸੰਤ ਮਹਾਂਪੁਰਸ਼ ਰਾਗੀ, ਢਾਡੀ,ਕਥਾਵਾਚਕ ਜਥਿਆਂ ਦਾ ਧੰਨਵਾਦ ਕੀਤਾ, ਜਿਹੜੇ ਉਚੇਚੇ ਤੌਰ ਤੇ ਭਾਰਤ ਪੰਜਾਬ ਤੋਂ ਆਏ। ਇਸ ਮੌਕੇ ਤੇ ਸਵਰਨ ਸਿੰਘ ਸੈਂਭੀ, ਜ਼ਸਵੰਤ ਸਿੰਘ ਸੈਂਭੀ, ਗੁਰਮੀਤ ਸਿੰਘ ਜੰਡੂ, ਧਰਮ ਸਿੰਘ ਘਟੋੜਾ, ਬਲਕਾਰ ਸਿੰਘ ਵੜੈਚ, ਗੁਰਪ੍ਰੀਤ ਸਿੰਘ ਗੋਪੀ, ਸੁਖਮਿੰਦਰ ਸਿੰਘ ਸੁਖੀ ਰਾਗੀ, ਪਾਠੀ ਜੁਝਾਰ ਸਿੰਘ, ਹਰਪ੍ਰੀਤ ਸਿੰਘ ਜੰਡੂ, ਰਛਪਾਲ ਸਿੰਘ, ਹਰਪਾਲ ਸਿੰਘ ਲਾਲੀ, ਅਮਜੋਤ ਸਿੰਘ ਸੱਗੂ, ਅਮਰੀਕ ਸਿੰਘ ਮੀਕਾ, ਰਘਬੀਰ ਸਿੰਘ, ਪ੍ਰਿਤਪਾਲ ਸਿੰਘ, ਅਰਜਨ ਸਿੰਘ ਯੂ.ਵੀ, ਜ਼ੋ ਕਿ ਇਨ੍ਹਾਂ ਸਮਾਗਮਾਂ ਨੂੰ ਕਾਮਯਾਬ ਕਰਨ ਲਈ ਰਾਤ—ਦਿਨ ਸੇਵਾ ਨਿਭਾ ਰਹੇ ਹਨ। ਇਸ ਤੋਂ ਇਲਾਵਾ ਲੰਗਰਾਂ ਵਿਚ ਬੀਬੀ ਨਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਗਿੰਦਰ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਲੰਗਰਾਂ ਵਿਚ ਸੇਵਾ ਕਰ ਰਹੀਆਂ ਹਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਭਾਈ ਮਰਦਾਨਾ ਜੀ ਦੇ ਅਕਾਲ ਚਲਾਣੇ ਤੇ ਹੋਣਗੇ ਵਿਸ਼ੇਸ਼ ਸਮਾਗਮ—ਭਗਵਾਨ ਸਿੰਘ ਦੜਿਆਲਾ



ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :— ਗੁਰੂ ਨਾਨਕ ਦੇਵ ਜੀ ਦੇ ਸਾਥੀ ਰਹੇ ਭਾਈ ਮਰਦਾਨਾ ਜੀ ਦੇ ਅਕਾਲ ਚਲਾਣੇ ਦਿਵਸ *ਤੇ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਕਰਵਾਏਗੀ ਵਿਸ਼ੇਸ਼ ਸਮਾਗਮ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਨੇ ਦੱਸਿਆ ਕਿ ਭਾਈ ਮਰਦਾਨਾ ਜੀ ਨੇ ਆਪਣਾ ਸਾਰਾ ਜੀਵਨਾ ਗੁਰੂ ਸਾਹਿਬ ਨੂੰ ਸਮਰਪਿਤ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਕ ਬਾਬਾ ਅਕਾਲ ਖੁਰਖ ਦੂਜਾ ਰਬਾਬੀ ਮਰਦਾਨਾ ਭਾਈ ਮਰਦਾਨਾ ਜੀ ਗੁਰੂ ਨਾਨਕ ਸਾਹਿਬ ਜੀ ਦੇ ਉਹ ਖੁਸ਼ਨਸੀਬ ਸੰਗੀ ਸਾਥੀ ਸਨ, ਜਿਨ੍ਹਾਂ ਨੇ ਆਪਣੀ ਜਿੰਦਗੀ ਦੇ 54 ਸਾਲ ਗੁਰੂ ਸਾਹਿਬਾਨ ਦੇ ਨਾਲ ਨਿਭਾਏ। ਉਨ੍ਹਾਂ ਕਿਹਾ ਕਿ ਪਹਾੜਾਂ ਦੀ ਸਰਦੀ, ਰੇਗਿਸਤਾਨ ਦੀ ਗਰਮੀ, ਜੰਗਲਾਂ ਵਿਚ ਜਾਨਵਰਾਂ ਦਾ ਡਰ, ਉਜਾੜਾ ਅਤੇ ਵੀਰਾਨੇ ਵਿਚ ਭੁੱਖੇ—ਪਿਆਸੇ ਜਾਂ ਘਰ ਦਾ ਮੋਹ ਪਿਆਰ ਭਾਈ ਮਰਦਾਨਾ ਜੀ ਨੂੰ ਗੁਰੂ ਸਾਹਿਬ ਤੋਂ ਵੱਖ ਨਹੀਂ ਕਰ ਸਕਿਆ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਨੇ ਆਪਣੀ ਜਿੰਦਗੀ ਦਾ ਲੰਬਾ ਅਰਸਾ ਗੁਰੂ ਸਾਹਿਬਾਨ ਤੋਂ ਕੁਰਬਾਨ ਕਰ ਦਿੱਤਾ ਅਤੇ ਅੱਜ ਜ਼ਰੂਰਤ ਹੈ ਕਿ ਭਾਈ ਮਰਦਾਨਾ ਜੀ ਦੇ ਅਕਾਲ ਚਲਾਣੇ ਤੇ ਵਿਸ਼ੇਸ਼ ਸਮਾਗਮ ਕਰਵਾ ਕੇ ਦੁਨਿਆਂ ਨੂੰ ਉਨ੍ਹਾਂ ਦੀ ਜੀਵਨੀ ਤੋਂ ਜਾਣੂ ਕਰਵਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਸ਼ਹੀਦੀ ਦਿਹਾੜਾ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸੱਜਣਗੇ

☛ ਸ਼ਹੀਦੀ ਦਿਹਾੜਾ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ । ☛ ਜਨਮ ਦਿਵਸ ਬਾਬਾ ਗੁਰਦਿੱਤਾ ਸਾਹਿਬ ਜੀ । ☛ ਜਨਮ ਦਿਵਸ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਸਾਹਿਬ ਜੀ । ☛ ਅਕਾਲ ਚਲਾਣਾ ਭਾਈ ਮਰਦਾਨਾ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸ਼ੁੱਕਰਵਾਰ 10 ਵਜੇ ਹੋਵੇਗੀ ਅਤੇ ਐਤਵਾਰ 10 ਵਜੇ ਭੋਗ ਪੈਣਗੇ ਇਹ ਸਾਰੀ ਸੇਵਾ ਭਾਈ ਪ੍ਰਗਟ ਸਿੰਘ ਗਿੱਲ ਪਰਿਵਾਰ ਵੱਲੋਂ ਲਈ ਗਈ ਹੈ।

**ਸ਼ੁੱਕਰਵਾਰ ਅਤੇ ਸ਼ਨਿੱਚਰਵਾਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 30 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:45 ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਭਾਈ ਸੈਂਫ ਸਿੰਘ ਇਟਲੀ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਸੇਂਟ ਸੋਲਜਰ ਸਕੂਲ ਦਾ ਕਿੰਡਰਗਾਰਡਨ ਸੈਕਸ਼ਨ ਦਾ 28ਵਾਂ ਸਾਲਾਨਾ ਸਮਾਗਮ ਯਾਦਗਾਰੀ ਹੋ ਨਿਬੜਿਆ

# ਬੱਚਿਆਂ ਵੱਲੋਂ ਇਹੀ ਨਾਮ ਹੈ ਅਧਾਰਾ ਸ਼ਬਦ ਗਾਇਨ ਕੀਤਾ ਗਿਆ





ਜੰਡਿਆਲਾ ਗੁਰੂ 28 ਨਵੰਬਰ ( ਕੁਲਵੰਤ ਸਿੰਘ ਵਿਰਦੀ ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦਾ ਕਿੰਡਰ ਗਾਰਟਨ ਸੈਕਸ਼ਨ ਦੇ ਬੱਚਿਆਂ ਦਾ 28ਵਾਂ ਸਲਾਨਾ ਸਮਾਗਮ ਸੰਤ ਬਾਬਾ ਪਰਮਾਨੰਦ ਜੀ( ਮੁਖ ਸੇਵਾਦਾਰ ਗੁਰਦੁਆਰਾ ਗੁਰੂ ਬਾਬਾ ਹੰਦਾਲ ਜੀ) ਦੇ ਆਸ਼ੀਰਵਾਦ ਸਦਕਾ ਸਕੂਲ ਦੇ ਸ਼ਾਨਦਾਰ ਆਟੋਡੋਰੀਅਮ ਵਿੱਚ ਕਰਵਾਇਆ ਗਿਆ ।ਇਸ ਸਮਾਗਮ ਦਾ ਥੀਮ ਹਕੀਕਤ-ਏ -ਜੰਨਤ ਰੱਖਿਆ ਗਿਆ .ਜਿਸ ਵਿੱਚ ਬੱਚਿਆਂ ਵੱਲੋਂ ਸਮੁੰਦਰ ਦੇ ਜੀਵ ਜੰਤੂਆਂ ਸਬੰਧੀ ਰੌਚਕ ਜਾਣਕਾਰੀ ਦਿੱਤੀ ਗਈ ਅਤੇ ਨਾਲ ਹੀ ਥੀਮ ਨਾਲ ਸੰਬੰਧਿਤ ਗਾਣਿਆਂ ਤੇ ਡਾਂਸ ਦੀਆਂ ਸ਼ਾਨਦਾਰ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ: ਹਰਭਜਨ ਸਿੰਘ ਈਟੀਓ( ਕੈਬਨਟ ਮੰਤਰੀ ਪੰਜਾਬ ਸਰਕਾਰ) ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ. ਸਮਾਗਮ ਦੀ ਸ਼ੁਰੂਆਤ ਬੱਚਿਆਂ ਵੱਲੋਂ ਗਾਏ ਸ਼ਬਦ" ਇਹੀ ਨਾਮ ਹੈ ਅਧਾਰਾ ਵਾਹਿਗੁਰੂ ਵਾਹਿਗੁਰੂ "ਨਾਲ ਕੀਤੀ ਗਈ. ਉਪਰੰਤ ਬੱਚਿਆਂ ਵੱਲੋਂ ਪੇਸ਼ ਕੀਤੀਆਂ ਗਈਆਂ ਡਾਂਸ ਵੰਨਗੀਆਂ ਦਾ ਸਮਾਗਮ ਵਿੱਚ ਬੈਠੇ ਬੱਚਿਆਂ ਦੇ ਮਾਤਾ ਪਿਤਾ ਅਤੇ ਸਾਰੇ ਮਹਿਮਾਨਾਂ ਨੇ ਖੂਬ ਆਨੰਦ ਮਾਣਿਆ। ਇਸ ਸਮਾਗਮ ਵਿੱਚ ਸ਼੍ਰੀ ਪ੍ਰਮੋਦ ਭਾਟੀਆ ਜੀ (ਚੇਅਰਮੈਨ ਸਪੋਰਟ ਸੈਲ ਪੰਜਾਬ) ,ਸ਼੍ਰੀ ਨਰੇਸ਼ ਪਾਠਕ ਜੀ (ਮੈਂਬਰ ਆਫ ਪੰਜਾਬ ਸੁਬੋਡੀਨੇਟ ਸਲੈਕਸ਼ਨ ਬੋਰਡ )ਸ: ਸਰਬਜੀਤ ਸਿੰਘ ਡਿੰਪੀ (ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ), ਬਲਦੇਵ ਸਿੰਘ ਗਾਂਧੀ, ਸ੍ਰੀ ਰਾਜੇਸ਼ ਸ਼ਰਮਾ (ਜਿਲਾ ਸਿੱਖਿਆ ਅਫਸਰ) ਸਰਪੰਚ ਕਿਰਪਾਲ ਸਿੰਘ ਰਾਮ ਦਿਵਾਲੀ (ਪ੍ਰਧਾਨ ਕੰਬੋਜ ਸਭਾ ਅੰਮ੍ਰਿਤਸਰ) ਡਾ: ਇਕਬਾਲ ਸਿੰਘ, ਸ. ਰਘਬੀਰ ਸਿੰਘ, ਪ੍ਰਿੰਸੀਪਲ ਸ਼੍ਰੀਮਤੀ ਅਮਨਦੀਪ ਕੌਰ (ਸੈਂਟ ਸੋਲਜਰ ਸਕੂਲ ਮਜੀਠਾ )ਅਤੇ ਸਮੂਹ ਪੱਤਰਕਾਰ ਭਾਈਚਾਰਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ! ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ:ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਡਾ:ਅਮਰਪ੍ਰੀਤ ਕੌਰ ਜੀ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਯਾਦਗਾਰੀ ਚਿੰਨ੍ਹ ਮੁਮੈਂਟੋ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਸ਼ਿਲਪਾ ਸ਼ਰਮਾ ਕੁਆਡੀਨੇਟਰ ,ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ,ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

**ਡਾਇਰੈਕਟਰ ਡਾ:ਮੰਗਲ ਸਿੰਘ ਕਿਸ਼ਨਪੁਰੀ ਤੇ ਪ੍ਰਿੰਸੀਪਲ ਡਾ:ਅਮਰਪ੍ਰੀਤ ਕੌਰ ਨੇ ਆਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਮੁਮੈਂਟੋ ਦੇ ਕੇ ਸਨਮਾਨਿਤ ਕੀਤਾ**

ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖ਼ੇ ਲੰਗਰ ਮਰਿਆਦਾ ਨੂੰ

# ਸ਼ਰਮਸ਼ਾਰ ਕਰਨ ਵਾਲੀ ਘਟਨਾ ਨੇ ਪਹੁੰਚਾਈ ਸਿੱਖ ਹਿਰਦਿਆਂ ਨੂੰ ਭਾਰੀ ਠੇਸ: ਵੀਰਜੀ

**ਨਵੀਂ ਦਿੱਲੀ 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਬੀਤੇ ਦਿਨੀਂ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖ਼ੇ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅੰਨਿਨ ਸਿੱਖ ਭਾਈ ਸਤੀਦਾਸ ਜੀ, ਭਾਈ ਮਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਦੀਵਾਨ ਸਜਾਏ ਗਏ ਸਨ ।ਇਸ ਦੌਰਾਨ ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਲਗੇ ਸਟਾਲਾਂ ਵਿਚ ਇਕ ਸਟਾਲ ਗਜਰੇਲੇ ਦਾ ਵੀਂ ਸੀ ਤੇ ਇਸ ਸਟਾਲ ਉਪਰ ਗਜਰੇਲਾ ਮੁੱਲ ਵੇਚਿਆ ਜਾ ਰਿਹਾ ਸੀ ਜਿਸ ਦਾ ਸੰਗਤ ਵਲੋਂ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ ।ਇਸ ਬਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਚੇਅਰਮੈਨ ਗੁਰਬਾਣੀ ਰਿਸਰਚ ਫਾਊਂਡੇਸ਼ਨ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਨੇ ਕਿਹਾ ਕਿ ਵਾਇਰਲ ਹੋ ਰਹੀ ਵੀਡੀਓ ਵਿਚ ਦੇਖਣ ਨੂੰ ਮਿਲ਼ ਰਿਹਾ ਹੈ ਕਿ ਓਥੇ ਖਾਣ ਦਾ ਸਮਾਨ ਮੁੱਲ ਵੇਚਿਆ ਜਾ ਰਿਹਾ ਹੈ ਜਦਕਿ ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਲਗਦੇ ਖਾਣ ਪੀਣ ਦੇ ਸਟਾਲ ਲੰਗਰ ਮਰਿਆਦਾ ਤਹਿਤ ਆਂਦੇ ਹਨ ਤੇ ਉਨ੍ਹਾਂ ਨੂੰ ਵਰਤਾਇਆ ਜਾ ਸਕਦਾ ਹੈ



ਨਾ ਕਿ ਮੁੱਲ ਵੇਚਿਆ ਜਾ ਸਕਦਾ ਹੈ ਜ਼ੇਕਰ ਉਨ੍ਹਾਂ ਖਾਣ ਪੀਣ ਦਾ ਸਮਾਨ ਵੇਚਣਾ ਹੀ ਹੈ ਤਾਂ ਓਹ ਗੁਰਦੁਆਰਾ ਸਾਹਿਬ ਦੀ ਹਦੂਦ ਤੋਂ ਬਾਹਰ ਸਟਾਲ ਲਗਾ ਸਕਦੇ ਸਨ ।ਉਨ੍ਹਾਂ ਕਿਹਾ ਵੀਡੀਓ ਵਿਚ ਸੰਗਤਾਂ ਹੈਰਾਨ ਹੋ ਰਹੀਆਂ ਹਨ ਤੇ ਕਹਿ ਰਹੀਆਂ ਹਨ ਕਿ ਅਸੀਂ ਆਪਣੀ ਜਿੰਦਗੀ ਅੰਦਰ ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਲਗੇ ਖਾਣ ਪੀਣ ਦੇ ਸਟਾਲ ਤੇ ਪਹਿਲੀ ਵਾਰ ਸਮਾਨ ਮੁੱਲ ਵਿਕਦਾ ਦੇਖ ਰਹੇ ਹਾਂ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਆਪਣੇ ਪਿਤਾ ਜੀ ਵਲੋਂ ਵਪਾਰ ਕਰਣ ਲਈ ਦਿੱਤੇ 20 ਰੁਪਏ ਨਾਲ ਸਾਧੂ ਸੰਤਾ ਨੂੰ ਭੋਜਨ ਖੁਆ ਕੇ ਲੰਗਰ ਪ੍ਰਥਾ ਆਰੰਭ ਕੀਤੀ ਸੀ ਜੋ ਕਿ ਬਾ ਦਸਤੂਰ ਹੁਣ ਵੀਂ ਚਲ ਰਹੀ ਹੈ ।ਉਨ੍ਹਾਂ ਕਿਹਾ ਦਿੱਲੀ ਕਮੇਟੀ ਪ੍ਰਬੰਧਕਾਂ ਵਲੋਂ ਸ਼ੁਰੂ ਕੀਤੀ ਗਈ ਨਵੀਂ ਰੀਤ ਨੂੰ ਤੁਰੰਤ ਰੋਕਿਆ ਜਾਣਾ ਚਾਹੀਦਾ ਹੈ ਨਹੀਂ ਤਾਂ ਇਹ ਆਣ ਵਾਲੇ ਸਮੇਂ ਵਿਚ ਸਿੱਖ ਪੰਥ ਦੀ ਸ਼ਾਨ ਵਿਚ ਵੱਡਾ ਨੁਕਸਾਨ ਕਰ ਸਕਦੀ ਹੈ ।ਉਨ੍ਹਾਂ ਕਿਹਾ ਦਿੱਲੀ ਕਮੇਟੀ ਪ੍ਰਬੰਧਕਾਂ ਦੀ ਨਾ ਸਮਝੀ ਕਰਕੇ ਇਸ ਨਵੀਂ ਰਵਾਇਤ ਨਾਲ ਪੰਥ ਅੰਦਰ ਇਕ ਹੋਰ ਗੰਭੀਰ ਮੁੱਦਾ ਜੁੜ ਗਿਆ ਹੈ ਜਿਸ ਲਈ ਸੰਗਤ ਅਤੇ ਜੱਥੇਦਾਰ ਅਕਾਲ ਤਖਤ ਸਾਹਿਬ ਨੂੰ ਇਸ ਮੁੱਦੇ ਉਪਰ ਤੁਰੰਤ ਧਿਆਨ ਦੇਣ ਦੀ ਲੋੜ ਹੈ ।

# ਇੰਜੀਨੀਅਰ ਰਾਸ਼ਿਦ ਨੂੰ ਦੋ ਵਾਰ ਪੈਰੋਲ, ਪਰ ਸਾਂਸਦ ਭਾਈ ਅੰਮ੍ਰਿਤਪਾਲ ਸਿੰਘ ਨੂੰ ਇਨਕਾਰ ਇਕ ਦੇਸ਼ - ਦੋ ਮਾਪਦੰਡ : ਸ਼ਮਸ਼ੇਰ ਸਿੰਘ ਪੱਧਰੀ

## ਕੇਂਦਰ ਅਤੇ ਭਗਵੰਤ ਮਾਨ ਸਰਕਾਰ ਇਕ ਸਿੱਖ ਸਾਂਸਦ ਦੇ ਸੰਸਦ ਵਿੱਚ ਬੋਲਣ ਤੋਂ ਖੌਫ਼ਜ਼ਦਾ ਕਿਓਂ ?



**ਅੰਮ੍ਰਿਤਸਰ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਅਰਜ਼ੀ ਨੂੰ ਇਹ ਕਹਿ ਕੇ ਖਾਰਜ ਕਰਨਾ ਕਿ "ਉਹ ਬਾਹਰ ਆ ਕੇ ਮਹੌਲ ਖਰਾਬ ਕਰ ਸਕਦੇ ਹਨ", ਪੂਰੇ ਲੋਕਤੰਤਰ ਦੀ ਬੇਇਜ਼ਤੀ ਹੈ। ਇਹ ਗੱਲ ਵਿਸ਼ੇਸ਼ ਤੌਰ 'ਤੇ ਦਿਲ ਦਹਿਲਾ ਦੇਣ ਵਾਲੀ ਹੈ ਕਿਉਂਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਪੈਰੋਲ ਪੰਜਾਬ ਆਉਣ ਲਈ ਨਹੀਂ ਬਲਕਿ ਬਤੌਰ ਸਾਂਸਦ ਸਰਦ ਰੁੱਤ ਦੇ ਸੈਸ਼ਨ ਵਿੱਚ ਆਪਣੇ ਹਲਕੇ ਅਤੇ ਆਪਣੇ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਬੋਲਣ ਲਈ ਮੰਗੀ ਸੀ। ਜਦੋਂ ਕਿ ਉਹਨਾਂ ਵੱਲੋਂ ਪੰਜਾਬ ਆਉਣ ਦੀ ਕੋਈ ਮੰਗ ਨਹੀਂ ਸੀ ਸਿਰਫ਼ ਸਾਂਸਦ ਦੀ ਜ਼ਿੰਮੇਵਾਰੀ ਨਿਭਾਉਣ ਦੀ ਮੰਗ ਸੀ। ਪਰੰਤੂ ਸਭ ਤੋਂ ਵੱਡਾ ਸਵਾਲ ਹੈ ਦੋਹਰੇ ਮਾਪਦੰਡਾਂ ਦਾ, ਇਕ ਪਾਸੇ ਇਨ੍ਹਾਂ ਤੋਂ ਵੀ ਗੰਭੀਰ ਧਾਰਾਵਾਂ ਹੇਠ ਨਜ਼ਰਬੰਦ ਮੈਂਬਰ ਪਾਰਲੀਮੈਂਟ ਇੰਜੀਨੀਅਰ ਰਾਸ਼ਿਦ ਨੂੰ ਦੂਜੀ ਵਾਰ ਪੈਰੋਲ ਮਨਜ਼ੂਰ ਕਰ ਦਿੱਤੀ ਜਾਂਦੀ ਹੈ, ਅਤੇ ਦੂਜੇ ਪਾਸੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਸੰਵਿਧਾਨਕ ਪੈਰੋਲ ਅਰਜ਼ੀ ਰੱਦ ਕਰ ਦਿੱਤੀ ਜਾਂਦੀ ਹੈ ਜਿਸ ਤੋਂ ਇਹ ਸਾਬਿਤ ਹੁੰਦਾ ਹੈ ਕਿ ਕੇਂਦਰ ਅਤੇ ਭਗਵੰਤ ਮਾਨ ਸਰਕਾਰ ਇਕ ਸਿੱਖ ਸਾਂਸਦ ਦੇ ਸੰਸਦ ਵਿੱਚ ਵਿਚਾਰ ਰੱਖਣ ਤੋਂ ਹੀ ਖੌਫਜ਼ਦਾ ਹੈ। ਭਾਈ ਪੱਧਰੀ ਨੇ ਕਿਹਾ ਕਿ ਅਸੀਂ ਇੰਜੀਨੀਅਰ ਰਾਸ਼ਿਦ ਨੂੰ ਪੈਰੋਲ ਮਿਲਣ ਦਾ ਵਿਰੋਧ ਨਹੀਂ ਕਰਦੇ, ਪਰ ਇਹ ਸਵਾਲ ਜ਼ਰੂਰ ਉੱਠਦਾ ਹੈ ਕਿ ਜਦੋ ਉਸਨੂੰ ਪੈਰੋਲ ਮਿਲ ਸਕਦੀ ਹੈ ਤਾਂ ਫਿਰ ਭਾਈ ਅੰਮ੍ਰਿਤਪਾਲ ਸਿੰਘ ਨੂੰ ਕਿਉਂ ਨਹੀਂ ? ਉਹਨਾਂ ਕਿਹਾ ਕਿ ਇਹ ਸਾਫ਼ ਦਰਸਾਉਂਦਾ ਹੈ ਕਿ ਸਰਕਾਰ ਪੂਰੀ ਤਰ੍ਹਾਂ ਪੱਖਪਾਤੀ ਅਤੇ ਦਬਾਉ ਨੀਤੀ 'ਤੇ ਚੱਲ ਰਹੀ ਹੈ। ਪੰਜਾਬ ਸਰਕਾਰ ਦਾ ਇਹ ਫੈਸਲਾ ਨਾਂ ਸਿਰਫ਼ ਗੈਰ-ਲੋਕਤੰਤਰਿਕ ਅਤੇ ਅਣਮਨੁੱਖੀ ਹੈ, ਸਗੋਂ ਇਹ ਸਿੱਧਾ ਇਸ਼ਾਰਾ ਕਰਦਾ ਹੈ ਕਿ ਉਹ ਇੱਕ ਚੁਣੇ ਹੋਏ ਸਾਂਸਦ ਦੀ ਆਵਾਜ਼ ਨੂੰ ਸੰਸਦ ਤੋਂ ਦੂਰ ਰੱਖਣ ਲਈ ਕਿਸ ਹੱਦ ਤੱਕ ਡਰਦੀ ਹੈ। ਭਾਈ ਪੱਧਰੀ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜਲਦੀ ਹੀ ਇਸ ਤਾਨਾਸ਼ਾਹੀ ਅਤੇ ਦੋਹਰੇ ਮਾਪਦੰਡਾਂ ਦੇ ਖ਼ਿਲਾਫ਼ ਵੱਡੀ ਲਾਮਬੰਦੀ ਕੀਤੀ ਜਾਵੇਗੀ। ਪਾਰਟੀ ਇਸ ਫ਼ੈਸਲੇ ਦਾ ਜਨਤਕ ਵਿਰੋਧ ਕਰੇਗੀ, ਲੋਕਾਂ ਦੀ ਆਵਾਜ਼ ਨੂੰ ਦਬਾਉਣ ਵਾਲਿਆਂ ਦਾ ਭਾਂਡਾ ਭੰਨੇਗੀ ਅਤੇ ਹਰ ਪੱਧਰ 'ਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਜ਼ੁਲਮ ਨੂੰ ਬੇਨਕਾਬ ਕਰੇਗੀ। ਉਹਨਾਂ ਕਿਹਾ ਅਸੀਂ ਸਪੱਸ਼ਟ ਕਰਦੇ ਹਾਂ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਰੱਦ ਕਰਨਾ ਕੇਵਲ ਇੱਕ ਵਿਅਕਤੀ ਨੂੰ ਹੀ ਰੋਕਣਾ ਨਹੀਂ ਇਹ ਖਡੂਰ ਸਾਹਿਬ ਹਲਕੇ ਦੇ ਲੱਖਾਂ ਲੋਕਾਂ ਦੀ ਆਵਾਜ਼ ਖ਼ਾਮੋਸ਼ ਕਰਨ ਦੀ ਨੀਚ ਕੋਸ਼ਿਸ਼ ਹੈ। ਇਕੋ ਦੇਸ਼ ਵਿੱਚ ਦੋ ਤਰੀਕੇ ਦੇ ਨਿਯਮ ਨਹੀਂ ਚੱਲਣਗੇ। ਲੋਕਤੰਤਰ ਨੂੰ ਦਬਾਉਣ ਵਾਲੀਆਂ ਇਹ ਕਾਰਵਾਈਆਂ ਹੁਣ ਹੋਰ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ।

# ਉੱਤਰੀ ਤ੍ਰਿਪੁਰਾ ਜ਼ਿਲ੍ਹੇ ਦੇ ਧਰਮਨਗਰ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਦੇ ਵਿਰੋਧ ਪ੍ਰਦਰਸ਼ਨ 'ਤੇ ਭਾਜਪਾ ਦੇ ਗੁੰਡਿਆਂ ਵੱਲੋਂ ਬੇਰਹਿਮੀ ਨਾਲ ਹਮਲਾ, ਗ੍ਰਿਫਤਾਰੀ ਦੀ ਮੰਗ



ਨਵੀਂ ਦਿੱਲੀ 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਦਸ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚਾ 26 ਨਵੰਬਰ, 2025 ਨੂੰ ਉੱਤਰੀ ਤ੍ਰਿਪੁਰਾ ਜ਼ਿਲ੍ਹੇ ਦੇ ਧਰਮਨਗਰ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਦੇ ਵਿਰੋਧ ਪ੍ਰਦਰਸ਼ਨ 'ਤੇ ਭਾਜਪਾ ਵਰਕਰਾਂ ਵੱਲੋਂ ਕੀਤੇ ਗਏ ਅਣਮਨੁੱਖੀ ਅਤੇ ਹਿੰਸਕ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ ।ਕੇਂਦਰੀ ਟਰੇਡ ਯੂਨੀਅਨਾਂ, ਸੈਕਟਰਲ ਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚਾ ਪਲੇਟਫਾਰਮ ਵਲੋਂ ਜਾਰੀ ਕੀਤੇ ਸਾਂਝੇ ਬਿਆਨ ਵਿਚ ਕਿਹਾ ਗਿਆ ਕਿ ਇਹ ਵਿਰੋਧ ਪ੍ਰਦਰਸ਼ਨ ਇਤਿਹਾਸਕ ਕਿਸਾਨ ਅੰਦੋਲਨ ਦੀ ਪੰਜਵੀਂ ਵਰ੍ਹੇਗੰਢ ਮਨਾਉਣ ਅਤੇ ਕਿਰਤ ਕੋਡਾਂ ਨੂੰ ਰੱਦ ਕਰਨ ਦੇ ਸਰਬ-ਭਾਰਤੀ ਸੱਦੇ ਦੇ ਜਵਾਬ ਵਿੱਚ ਆਯੋਜਿਤ ਕੀਤਾ ਗਿਆ ਸੀ। ਸੀਆਈਟੀਯੂ ਦੇ ਸੀਨੀਅਰ ਟਰੇਡ ਯੂਨੀਅਨ ਆਗੂ ਅਤੇ ਸੂਬਾਈ ਉਪ-ਪ੍ਰਧਾਨ ਅਮਿਤਾਵ ਦੱਤਾ ਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਅਤੇ ਉਨ੍ਹਾਂ ਨੂੰ ਅਗਰਤਲਾ ਮੈਡੀਕਲ ਕਾਲਜ ਵਿੱਚ ਦਾਖਲ ਕਰਵਾਇਆ ਗਿਆ। ਉਨ੍ਹਾਂ ਦੇ ਸਿਰ ਵਿੱਚ 20 ਟਾਂਕੇ ਲੱਗੇ। ਕਿਸਾਨ ਸਭਾ ਦੇ ਸੂਬਾਈ ਕਮੇਟੀ ਮੈਂਬਰ ਰਤਨ ਰਾਏ ਵੀ ਜ਼ਖਮੀ ਹੋ ਗਏ ਅਤੇ ਉਨ੍ਹਾਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ। ਬੇਰਹਿਮੀ ਨਾਲ ਕੁੱਟੇ ਗਏ ਸੱਤ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਹਸਪਤਾਲ ਲਿਜਾਇਆ ਗਿਆ ਅਤੇ ਮੁੱਢਲੀ ਸਹਾਇਤਾ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ। ਇਹ ਹਿੰਸਕ ਹਮਲਾ, ਖਾਸ ਤੌਰ 'ਤੇ ਆਗੂਆਂ ਨੂੰ ਨਿਸ਼ਾਨਾ ਬਣਾ ਕੇ, ਭਾਜਪਾ ਦੁਆਰਾ ਕੀਤਾ ਗਿਆ ਸੀ, ਜੋ 26 ਨਵੰਬਰ ਦੇ ਬੇਮਿਸਾਲ ਸਫਲ ਵਿਰੋਧ ਪ੍ਰਦਰਸ਼ਨ ਅਤੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਵੱਡੀ ਭਾਗੀਦਾਰੀ ਤੋਂ ਗੁੱਸੇ ਵਿੱਚ ਸੀ। ਇਹ ਹਮਲਾ ਤ੍ਰਿਪੁਰਾ ਵਿੱਚ ਭਾਜਪਾ ਦੀ ਅਗਵਾਈ ਵਾਲੀ ਮਾਣਿਕ ਸਾਹਾ ਸਰਕਾਰ ਦੇ ਅਧੀਨ ਕਾਨੂੰਨ ਵਿਵਸਥਾ ਦੀ ਪੂਰੀ ਅਸਫਲਤਾ ਨੂੰ ਦਰਸਾਉਂਦਾ ਹੈ। ਭਾਜਪਾ ਵਰਕਰਾਂ ਨੇ ਕਿਸਾਨਾਂ ਅਤੇ ਮਜ਼ਦੂਰਾਂ 'ਤੇ ਝੰਡਿਆਂ ਅਤੇ ਡੰਡਿਆਂ ਨਾਲ ਹਮਲਾ ਕੀਤਾ, ਭਾਵੇਂ ਪੁਲਿਸ ਦੀ ਮੌਜੂਦਗੀ ਵਿੱਚ ਵੀ। ਹਾਲਾਂਕਿ ਐਫਆਈਆਰ ਦਰਜ ਕੀਤੀ ਗਈ ਹੈ, ਪਰ ਹੁਣ ਤੱਕ ਕਿਸੇ ਵੀ ਦੋਸ਼ੀ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ ਹੈ। ਸੀਆਈਟੀਯੂ ਅਤੇ ਐਸਕੇਐਮ ਭਾਰਤੀ ਦੰਡ ਸੰਹਿਤਾ ਦੀ ਧਾਰਾ 109 ਤਹਿਤ ਕਤਲ ਦੀ ਕੋਸ਼ਿਸ਼ ਦੇ ਦੋਸ਼ ਵਿੱਚ ਸਾਰੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਜ਼ੋਰਦਾਰ ਮੰਗ ਕਰਦੇ ਹਨ। ਰਾਜ ਸਰਕਾਰ ਨੂੰ ਤ੍ਰਿਪੁਰਾ ਦੇ ਲੋਕਾਂ ਦੇ ਲੋਕਤੰਤਰੀ ਅਧਿਕਾਰਾਂ ਦੀ ਰੱਖਿਆ ਲਈ ਜ਼ਰੂਰੀ ਕਦਮ ਚੁੱਕਣੇ ਚਾਹੀਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਰਨਤਾਰਨ ਚੋਣ ਤੋਂ ਬਾਅਦ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵੱਡੀ ਧੰਨਵਾਦੀ ਮੀਟਿੰਗ

# ਬਾਪੂ ਤਰਸੇਮ ਸਿੰਘ ਜੀ ਵੱਲੋਂ ਮਿਹਨਤੀ ਵਰਕਰਾਂ ਦਾ ਸਿਰੋਪਾਓ ਨਾਲ ਸਨਮਾਨ





**ਤਰਨਤਾਰਨ 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੱਜ ਸਵੇਰੇ 10 ਵਜੇ ਗੁਰਦੁਆਰਾ ਰਸੂਲਪੁਰ ਨਹਿਰਾਂ, ਤਰਨਤਾਰਨ ਵਿਖੇ ਤਰਨਤਾਰਨ ਹਲਕੇ ਦੇ ਸਮੂਹ ਬੂਥ ਮੈਂਬਰਾਂ, ਬੂਥ ਇੰਚਾਰਜਾਂ, ਜੋਨ ਇੰਚਾਰਜਾਂ ਅਤੇ ਹਲਕਾ ਟੀਮ ਦੇ ਨਾਲ ਜਿਮਨੀ ਚੋਣ ਸਬੰਧੀ ਇਕ ਮਹੱਤਵਪੂਰਨ ਅਤੇ ਧੰਨਵਾਦੀ ਮੀਟਿੰਗ ਰੱਖੀ ਗਈ। ਇਸ ਮੀਟਿੰਗ ਵਿੱਚ ਬਾਪੂ ਤਰਸੇਮ ਸਿੰਘ ਜੀ ਸਮੇਤ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਨੇ ਪਹੁੰਚ ਕੇ ਮਿਹਨਤੀ ਵਰਕਰਾਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਚੋਣ ਦੌਰਾਨ ਉਨ੍ਹਾਂ ਵੱਲੋਂ ਕੀਤੇ ਯੋਗਦਾਨ ਨੂੰ ਖੁੱਲ੍ਹ ਕੇ ਸਰਾਹਿਆ। ਮੀਟਿੰਗ ਦੌਰਾਨ ਚੋਣ ਪ੍ਰਕਿਰਿਆ ਨਾਲ ਜੁੜੀਆਂ ਜ਼ਮੀਨੀ ਮੁਸ਼ਕਿਲਾਂ, ਵੋਟਿੰਗ ਵਾਲੇ ਦਿਨ ਆਈਆਂ ਦਿੱਕਤਾਂ, ਵਿਰੋਧੀਆਂ ਵੱਲੋਂ ਪਾਏ ਗਏ ਦਬਾਵਾਂ ਅਤੇ ਗਲਤ ਤਰੀਕਿਆਂ ਬਾਰੇ ਵਰਕਰਾਂ ਨੇ ਖੁੱਲ੍ਹ ਕੇ ਆਪਣੀ ਗੱਲ ਰੱਖੀ। ਹਰ ਬੂਥ ਅਤੇ ਹਰ ਜੋਨ ਇੰਚਾਰਜ ਵੱਲੋਂ ਪ੍ਰਾਪਤ ਤਜਰਬਿਆਂ ਅਤੇ ਅਹਿਮ ਸੁਝਾਵਾਂ ਨੂੰ ਬੜੀ ਗੰਭੀਰਤਾ ਨਾਲ ਸੁਣਿਆ ਗਿਆ ਅਤੇ ਨੋਟ ਕੀਤਾ ਗਿਆ, ਤਾਂ ਜੋ ਅਗਲੇ ਸਮੇਂ ਦੀ ਰਣਨੀਤੀ ਹੋਰ ਮਜ਼ਬੂਤ, ਤਿਆਰੀ ਨਾਲ ਬਣਾਈ ਜਾ ਸਕੇ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਅਤੇ ਸੀਨੀਅਰ ਲੀਡਰਸ਼ਿਪ ਵੱਲੋਂ ਜਿਮਨੀ ਚੋਣ ਦੌਰਾਨ ਲਗਾਤਾਰ ਜੁੜੇ ਰਹੇ ਸਮਰਪਿਤ ਅਤੇ ਇਮਾਨਦਾਰ ਵਰਕਰਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ, ਜਿਸ ਨਾਲ ਸਮੂਹ ਵਰਕਰਾਂ ਵਿੱਚ ਇਕ ਨਵਾਂ ਜਜ਼ਬਾ ਅਤੇ ਭਰੋਸਾ ਪੈਦਾ ਹੋਇਆ। ਪਾਰਟੀ ਨੇ ਸਪੱਸ਼ਟ ਕੀਤਾ ਕਿ ਵਰਕਰਾਂ ਦੀ ਮਿਹਨਤ ਅਤੇ ਦਿਲੋਂ ਨਿਭਾਏ ਫਰਜ਼ ਬਿਨਾਂ ਕੋਈ ਵੀ ਜਿੱਤ ਸੰਭਵ ਨਹੀਂ। ਮੀਟਿੰਗ ਵਿੱਚ ਪਾਰਟੀ ਦੀ ਅਗਲੀ ਰਣਨੀਤੀ 'ਤੇ ਵੀ ਚਰਚਾ ਕੀਤੀ ਗਈ, ਜਿਸ ਵਿੱਚ ਤਰਨਤਾਰਨ ਹਲਕੇ ਟੀਮ ਦੀ ਮਜ਼ਬੂਤੀ, ਨੌਜਵਾਨਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ, ਹਰ ਪਿੰਡ-ਬੂਥ ਪੱਧਰ 'ਤੇ ਨਵੇਂ ਵਰਕਰ ਜੋੜਨ ਅਤੇ ਲੋਕਾਂ ਦੇ ਸਮੱਸਿਆਵਾਂ ਨੂੰ ਸਿੱਧੇ ਹਲ ਕਰਵਾਉਣ ਲਈ ਯੋਜਨਾਵਾਂ ਤੇ ਵਿਚਾਰ ਕੀਤਾ ਗਿਆ। ਇਸ ਮੌਕੇ ਤੇ ਮੁੱਖ ਰੂਪ ਵਿੱਚ ਤਰਨਤਾਰਨ ਤੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਚਰਨਦੀਪ ਸਿੰਘ ਭਿੰਡਰ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਨਰਿੰਦਰ ਸਿੰਘ ਕਲਸੀਆਂ, ਭਾਈ ਮਨਜਿੰਦਰ ਸਿੰਘ ਕਲੇਰ, ਭਾਈ ਦਇਆ ਸਿੰਘ ਜੀ, ਐਡਵੋਕੇਟ ਕਰਨਵੀਰ ਸਿੰਘ ਪੰਨੂ, ਭਾਈ ਬਲਦੇਵ ਸਿੰਘ, ਭਾਈ ਸਰਬਜੀਤ ਸਿੰਘ ਬੈਂਕਾ, ਭਾਈ ਸੁਖਬੀਰ ਸਿੰਘ ਵਲਟੋਹਾ, ਭਾਈ ਨਿਰਵੈਰ ਸਿੰਘ ਖ਼ਾਲਸਾ, ਭਾਈ ਅਜੇਪਾਲ ਸਿੰਘ ਢਿਲੋਂ, ਭਾਈ ਮਹਿੰਦਰਪਾਲ ਸਿੰਘ ਬਾਜਵਾ, ਭਾਈ ਜਤਿੰਦਰ ਸਿੰਘ ਸੋਹਲ, ਭਾਈ ਜੁਗਰਾਜ ਸਿੰਘ ਲਾਲੇਨੰਗਲ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਜੁਗਰਾਜ ਸਿੰਘ ਮਹਿਤਾ, ਭਾਈ ਮਨਜਿੰਦਰ ਸਿੰਘ, ਭਾਈ ਰੇਸ਼ਮ ਸਿੰਘ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਪ੍ਰਿਤਪਾਲ ਸਿੰਘ ਮੀਰਾਂਕੋਟ, ਭਾਈ ਗੁਰਪ੍ਰੀਤ ਸਿੰਘ ਬਟਾਲਾ, ਭਾਈ ਮਹਿੰਦਰਪਾਲ ਸਿੰਘ ਬਾਜਵਾ, ਭਾਈ ਸਵਰਨ ਸਿੰਘ ਗੋਲਡਨ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੁਖਬੀਰ ਸਿੰਘ ਚੀਮਾਂ ਅਤੇ ਭਾਈ ਹਰਪ੍ਰੀਤ ਸਿੰਘ ਖ਼ਾਲਸਾ ਵੀ ਮੌਜੂਦ ਸਨ।

ਸੀਵਰੇਜ ਓਵਰਫਲੋ ਨੂੰ ਲੈ ਕੇ ਲੋਕਾਂ ਦਾ ਧਰਨਾ ਤੀਸਰੇ ਦਿਨ ਵੀ ਜਾਰੀ

# ਵਾਰਡ ਨੰਬਰ 11 ਦੇ ਲੋਕਾਂ ਨੇ ਤੇ ਰਾਮਸਰਾ ਰੋਡ ਬੰਦ ਕਰਨ ਦੀ ਚੇਤਾਵਨੀ



ਤਲਵੰਡੀ ਸਾਬੋ, 28 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸੀਵਰੇਜ ਸਿਸਟਮ ਨੂੰ ਲੈ ਕੇ ਬਾਘਾ ਰੋਡ ਤੇ ਲਗਾਇਆ ਗਿਆ ਧਰਨਾ ਅੱਜ ਜਿੱਥੇ ਤੀਸਰੇ ਦਿਨ ਵੀ ਜਾਰੀ ਰਿਹਾ ਉੱਥੇ ਬੰਗੀ ਰੋਡ 'ਤੇ ਵੀ ਲੋਕ ਧਰਨੇ 'ਤੇ ਡਟੇ ਹੋਏ ਹਨ। ਸੀਵਰੇਜ ਸਿਸਟਮ ਨੂੰ ਸੁਧਾਰਨ ਦੇ ਲਈ ਸਰਕਾਰ ਦੁਆਰਾ ਪਿਛਲੇ ਚਾਰ

## ਸਰਕਾਰ ਦੇ ਕੋਲ ਵਿਕਾਸ ਦੇ ਲਈ ਫੰਡ ਨਹੀਂ ਤਾਂ ਲਾਈਨੋਂ ਪਾਰ ਇਲਾਕੇ ਨੂੰ ਰਿਫਾਇਨਰੀ ਦੇ ਸਪੁਰਦ ਕੀਤਾ ਜਾਵੇ-ਵਿਜੇਪਾਲ



ਸਾਲਾਂ ਵਿੱਚ ਕੁੱਝ ਨਹੀਂ ਕੀਤਾ ਗਿਆ ਜਿਸ ਦੇ ਚਲਦਿਆਂ ਸ਼ਹਿਰ ਦੇ ਹਾਲਾਤ ਬਦਤਰ ਬਣੇ ਹੋਏ ਹਨ ਸੜਕਾਂ ਟੁੱਟ ਚੁੱਕੀਆਂ ਹਨ। ਸ਼ਹਿਰ ਵਿੱਚ ਜਗ੍ਹਾ ਜਗ੍ਹਾ ਕੂੜੇ ਦੇ ਢੇਰ ਲੱਗੇ ਹੋਏ ਹਨ। ਬੀਤੇ ਦਿਨ ਵੀ ਐਸਡੀਐਮ ਤਲਵੰਡੀ ਸਾਬੋ ਸ਼੍ਰੀ ਪੰਕਜ ਬਾਂਸਲ ਨੇ ਪ੍ਰਦਰਸ਼ਨਕਾਰੀਆਂ ਨਾਲ ਗੱਲਬਾਤ ਕੀਤੀ ਸੀ ਪ੍ਰੰਤੂ ਗੱਲਬਾਤ ਕਿਸੇ ਨਤੀਜੇ ਤੇ ਨਹੀਂ ਪਹੁੰਚੀ ਅਤੇ ਲੋਕ ਧਰਨੇ ਤੇ ਡਟੇ ਰਹੇ। ਸੀਵਰੇਜ ਸਿਸਟਮ ਨਾਲ ਦੁਖੀ ਅੱਜ ਰਾਮਸਰਾ ਰੋਡ ਵਾਸੀਆਂ ਦੁਆਰਾ ਵੀ ਧਰਨਾ ਲਗਾਉਣ ਲਈ ਪ੍ਰਸ਼ਾਸਨ ਨੂੰ ਮੰਗ ਪੱਤਰ ਸੌਂਪਿਆ ਗਿਆ ਪ੍ਰੰਤੂ ਪ੍ਰਸ਼ਾਸਨ ਦੁਆਰਾ ਉਹਨਾਂ ਨੂੰ ਕਿਹਾ ਗਿਆ ਕਿ ਧਰਨਾ ਲਗਾਉਣ ਦੇ ਲਈ ਡਿਪਟੀ ਕਮਿਸ਼ਨਰ ਬਠਿੰਡਾ ਤੋਂ ਮਨਜ਼ੂਰੀ ਲੈ ਲਵੋ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਨਗਰ ਕੌਂਸਲ ਰਾਮਾਂ ਦੇ ਸਾਬਕਾ ਪ੍ਰਧਾਨ ਵਿਜੇਪਾਲ ਨੇ ਦੱਸਿਆ ਕਿ ਉਹ ਅੱਜ ਬਾੜ ਦੇ ਲੋਕਾਂ ਨੂੰ ਨਾਲ ਲੈ ਕੇ ਪੁਲਿਸ ਕੋਲ ਧਰਨੇ ਦੀ ਮਨਜ਼ੂਰੀ ਲੈਣ ਗਏ ਸਨ ਪ੍ਰੰਤੂ ਉਹਨਾਂ ਕਿਹਾ ਕਿ ਧਰਨਾ ਲਗਾਉਣ ਦੀ ਮਨਜ਼ੂਰੀ ਡਿਪਟੀ ਕਮਿਸ਼ਨਰ ਤੋਂ ਲਈ ਜਾਵੇ। ਸ੍ਰੀ ਵਿਜੇਪਾਲ ਨੇ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਨੇ ਸੀਵਰੇਜ ਸਿਸਟਮ ਦੇ ਹੱਲ ਲਈ ਜੇਕਰ ਪਹਿਲਾਂ ਕੋਈ ਕੋਸ਼ਿਸ਼ ਕੀਤੀ ਹੁੰਦੀ ਤਾਂ ਅੱਜ ਜੋ ਹਾਲਾਤ ਬਣੇ ਹਨ ਉਹ ਨਾ ਬਣਦੇ। ਉਹਨਾਂ ਕਿਹਾ ਕਿ ਰਾਮ ਸਰਾ ਰੋਡ ਦੀ ਸੜਕ ਪੂਰੀ ਤਰ੍ਹਾਂ ਟੁੱਟ ਗਈ ਹੈ ਸੀਵਰੇਜ ਦੇ ਢੱਕਣ ਟੁੱਟ ਗਏ ਹਨ। ਹਰ ਜੋ ਵਾਹਨ ਚਾਲਕ ਹਾਦਸਾ ਗ੍ਰਸਤ ਹੋ ਰਹੇ ਹਨ ਪ੍ਰੰਤੂ ਪ੍ਰਸ਼ਾਸਨ ਨੇ ਇਹਨੂੰ ਠੀਕ ਕਰਨ ਦੀ ਕੋਸ਼ਿਸ਼ ਨਹੀਂ ਕੀਤੀ। ਇਸ ਕਰਕੇ ਹੁਣ ਲੋਕ ਦੁਖੀ ਹੋ ਕੇ ਧਰਨੇ ਤੇ ਬੈਠੇ ਹਨ ਪ੍ਰੰਤੂ ਪ੍ਰਸ਼ਾਸਨ ਲੋਕਾਂ ਝੂਠ ਬੋਲ ਰਿਹਾ ਹੈ। ਅਤੇ ਉਨਾਂ ਨੂੰ ਗੁਮਰਾਹ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਜੇਕਰ ਸਰਕਾਰ ਦੇ ਕੋਲ ਵਿਕਾਸ ਕੰਮਾਂ ਦੇ ਲਈ ਫੰਡ ਨਹੀਂ ਹੈ ਤਾਂ ਸ਼ਹਿਰ ਦੇ ਲਾਈਨੋਂ ਪਾਰ ਹਿੱਸੇ ਨੂੰ ਰਿਫਾਇਨਰੀ ਦੇ ਸਪੁਰਦ ਕਰ ਦਿੱਤਾ ਜਾਵੇ ਤਾਂ ਕਿ ਲੋਕ ਇਸ ਨਰਕ ਤੋਂ ਨਿਜਾਤ ਪਾ ਸਕਣ।

# ਮੌਜੂਦਾ ਸਰਕਾਰ ਨੇ ਸੂਬੇ ਨੂੰ ਹਰ ਪੱਖੋਂ ਕੀਤਾ ਪਿੱਛੇ, ਅਮਨ ਕਾਨੂੰਨ ਦੀ ਹਾਲਤ ਚਿੰਤਾਜਨਕ- ਜੀਤਮਹਿੰਦਰ ਸਿੱਧੂ





ਤਲਵੰਡੀ ਸਾਬੋ, 28 ਨਵੰਬਰ (ਗੁਰਜੰਟ ਸਿੰਘ ਨਥੇਹਾ)- ਬੜੇ ਵੱਡੇ ਵੱਡੇ ਦਾਅਵੇ ਅਤੇ ਵਾਅਦਿਆਂ ਨਾਲ ਸੂਬੇ ਦੀ ਸੱਤਾ 'ਤੇ ਕਾਬਿਜ਼ ਹੋਣ 'ਚ ਸਫਲ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਪੌਣੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਪੰਜਾਬ ਨੂੰ ਹਰ ਪੱਖੋਂ ਪਿੱਛੇ ਕਰ ਦਿੱਤਾ ਹੈ ਅਤੇ ਅਮਨ ਕਾਨੂੰਨ ਦੀ ਹਾਲਤ ਤਾਂ ਚਿੰਤਾਜਨਕ ਦੌਰ 'ਚ ਪਹੁੰਚ ਗਈ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਗੱਲਬਾਤ ਦੌਰਾਨ ਕੀਤਾ। ਸਿੱਧੂ ਜੋ ਪਿੰਡ ਭਾਗੀਵਾਂਦਰ ਵਿਖੇ ਇੱਕ ਭੋਗ ਸਮਾਗਮ 'ਚ ਸ਼ਮੂਲੀਅਤ ਕਰਨ ਪੁੱਜੇ ਸਨ ਨੇ ਭੋਗ ਉਪਰੰਤ ਇੱਥੇ ਗੱਲਬਾਤ ਦੌਰਾਨ ਕਿਹਾ ਕਿ ਚੋਣਾਂ ਤੋਂ ਪਹਿਲਾਂ 'ਆਪ' ਦੇ ਆਗੂ ਦਾਅਵੇ ਕਰਦੇ ਸਨ ਕਿ ਸਰਕਾਰ ਬਨਣ ਸਾਰ ਹੀ ਉਹ ਆਪਣੇ ਵਿਸ਼ੇਸ਼ ਆਰਥਿਕ ਨੁਕਤਿਆਂ ਨਾਲ ਨਾ ਕੇਵਲ ਪੰਜਾਬ ਨੂੰ ਆਰਥਿਕ ਪੱਖੋਂ ਮਜ਼ਬੂਤ ਬਣਾਉਣਗੇ ਸਗੋਂ ਕਰਜ਼ੇ ਦਾ ਹੱਲ ਵੀ ਕੱਢਣਗੇ ਪਰ ਹੋਇਆ ਇਹ ਕਿ 'ਆਪ' ਦੇ ਪੌਣੇ ਚਾਰ ਦੇ ਸਾਲ ਦੇ ਕਾਰਜਕਾਲ ਉਪਰੰਤ ਅੱਜ ਪੰਜਾਬ ਪ੍ਰਤੀ ਵਿਅਕਤੀ ਕਰਜ਼ੇ ਦੇ ਮਾਮਲੇ 'ਚ ਦੇਸ਼ 'ਚ ਪਹਿਲੇ ਸਥਾਨ ਤੇ ਚਲਾ ਗਿਆ ਹੈ। ਸਿੱਧੂ ਨੇ ਕਿਹਾ ਕਿ ਸੂਬੇ 'ਚ ਪਿਛਲੇ ਪੌਣੇ ਚਾਰ ਸਾਲ 'ਚ ਕਿਸੇ ਉਦਯੋਗਿਕ ਘਰਾਣੇ ਨੇ ਵਪਾਰਕ ਨਿਵੇਸ਼ ਨਹੀ ਕੀਤਾ ਕਿਉਂਕਿ ਸੂਬੇ ਚ ਅਮਨ ਕਾਨੂੰਨ ਦੀ ਹਾਲਤ ਅਤਿ ਚਿੰਤਾਜਨਕ ਸ਼੍ਰੇਣੀ 'ਚ ਪਹੁੰਚ ਚੁੱਕੀ ਹੈ ਕਾਰੋਬਾਰੀਆਂ ਨੂੰ ਧਮਕੀਆਂ ਅਤੇ ਗੋਲੀਬਾਰੀ ਦੀਆਂ ਘਟਨਾਵਾਂ 'ਚ ਬੇਤਹਾਸ਼ਾ ਵਾਧਾ ਹੋਇਆ ਹੈ ਜਿਸ ਕਰਕੇ ਦੇਸ਼ ਦਾ ਕੋਈ ਵੀ ਵਪਾਰਕ ਘਰਾਣਾ ਨਿਵੇਸ਼ ਲਈ ਪੰਜਾਬ ਵੱਲ ਮੂੰਹ ਨਹੀ ਕਰ ਰਿਹਾ। ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਹੁਣ 'ਆਪ' ਆਗੂਆਂ ਨੂੰ ਲੋਕ ਸਵਾਲ ਕਰਨ ਲੱਗ ਪਏ ਹਨ ਕਿ ਪੰਜਾਬ ਨੂੰ ਉਨਾਂ ਨੇ ਕਿਸ ਪਾਸਿਓਂ ਰੰਗਲਾ ਬਣਾਇਆ ਹੈ। ਸਿੱਧੂ ਨਾਲ ਇਸ ਮੌਕੇ ਸੀ.ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਬਚਿੱਤਰ ਸਿੰਘ ਸਾਬਕਾ ਉਪ ਚੇਅਰਮੈਨ ਮਾਰਕੀਟ ਕਮੇਟੀ, ਜਗਤਾਰ ਸਿੰਘ ਨੰਬਰਦਾਰ ਭਾਗੀਵਾਂਦਰ, ਐਡਵੋਕੇਟ ਜਗਸੀਰ ਸਿੰਘ ਭਾਗੀਵਾਂਦਰ, ਕ੍ਰਿਸ਼ਨ ਯਾਦਵ ਤਲਵੰਡੀ ਸਾਬੋ, ਹਰਜਿੰਦਰ ਸਿੰਘ ਜਿੰਦਾ ਜੀਵਨ ਸਿੰਘ ਵਾਲਾ ਆਦਿ ਮੌਜੂਦ ਸਨ।

# ਪਾਕਿਸਤਾਨ ਵਿੱਚ ਸਿੱਖ ਮਾਣ-ਮਰਿਆਦਾ ਨਾਲ ਛੇੜਛਾੜ: ਬਖਸ਼ੀ

ਨਵੀਂ ਦਿੱਲੀ, 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਪਾਕਿਸਤਾਨ ਦੇ ਇੱਕ ਸਿੱਖ ਗੁਰਦੁਆਰੇ ਦੀ ਇੱਕ ਤਸਵੀਰ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਜਿਸ ਵਿੱਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਇੱਕ ਪਾਕਿਸਤਾਨੀ ਆਗੂ ਦਾ ਸੁਰੱਖਿਆ ਗਾਰਡ ਗੁਰਦੁਆਰਾ ਸਾਹਿਬ ਦੇ ਅੰਦਰ ਜੁੱਤੀਆਂ ਪਾ ਕੇ ਅਤੇ ਬੰਦੂਕ ਫੜੀ ਖੜ੍ਹਾ ਹੈ। ਇਸ ਨਾਲ ਸਿੱਖ ਭਾਈਚਾਰੇ ਨੂੰ ਠੇਸ ਪਹੁੰਚੀ ਹੈ। ਤਸਵੀਰ 'ਤੇ ਟਿੱਪਣੀ ਕਰਦਿਆਂ, ਸਿੱਖ ਬ੍ਰਦਰਹੁੱਡ ਇੰਟਰਨੈਸ਼ਨਲ ਦੇ ਮੁਖੀ ਗੁਨਜੀਤ ਸਿੰਘ ਬਖਸ਼ੀ ਨੇ ਕਿਹਾ ਕਿ ਭਾਵੇਂ ਇਹ ਤਸਵੀਰ ਕੁਝ ਮਹੀਨੇ ਪਹਿਲਾਂ ਦੀ ਦੱਸੀ ਜਾ ਰਹੀ ਹੈ, ਪਰ ਇਹ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ ਕਿ ਪਾਕਿਸਤਾਨੀਆਂ ਨੂੰ ਸਿੱਖਾਂ ਜਾਂ ਸਿੱਖ ਮਾਣ-ਮਰਿਆਦਾ ਵਿੱਚ ਕੋਈ ਦਿਲਚਸਪੀ ਨਹੀਂ ਹੈ; ਉਹ ਸਿਰਫ਼ ਉਨ੍ਹਾਂ ਪ੍ਰਤੀ ਹਮਦਰਦੀ ਦਾ ਦਿਖਾਵਾ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਵੀ ਦੁੱਖ ਦੀ ਗੱਲ ਹੈ ਕਿ ਉਸ ਸਮੇਂ ਮੌਜੂਦ ਕਿਸੇ ਵੀ ਸਿੱਖ ਨੇ ਸੁਰੱਖਿਆ ਗਾਰਡ ਨੂੰ ਮਰਿਆਦਾ ਬਣਾਈ ਰੱਖਣ ਲਈ ਨਹੀਂ ਕਿਹਾ, ਜਿਸ ਤੋਂ ਪਤਾ ਲੱਗਦਾ ਹੈ ਕਿ ਪਾਕਿਸਤਾਨ ਵਿੱਚ ਰਹਿਣ ਵਾਲੇ ਸਿੱਖ ਡਰ ਵਿੱਚ ਰਹਿੰਦੇ ਹਨ ਅਤੇ ਆਪਣੀ ਸਿੱਖ ਮਾਣ-ਮਰਿਆਦਾ ਵੀ ਨਹੀਂ ਰੱਖ ਸਕਦੇ। ਸ੍ਰੀ ਗੁਨਜੀਤ ਸਿੰਘ ਬਖਸ਼ੀ ਨੇ ਕਿਹਾ, ਦੂਜੇ ਪਾਸੇ, ਭਾਰਤ ਵਿੱਚ ਰਹਿਣ ਵਾਲੇ ਸਿੱਖ ਧਾਰਮਿਕ ਆਜ਼ਾਦੀ ਬਣਾਈ ਰੱਖ ਰਹੇ ਹਨ ਅਤੇ ਗੁਰਸਿੱਖ ਮਾਣ-ਮਰਿਆਦਾ ਨੂੰ ਬਰਕਰਾਰ ਰੱਖ ਰਹੇ ਹਨ। ਇਸ ਤੋਂ ਇਲਾਵਾ, ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਪੁਰਬ ਪ੍ਰਧਾਨ ਮੰਤਰੀ, ਰਾਸ਼ਟਰਪਤੀ ਅਤੇ ਰਾਜ ਸਰਕਾਰਾਂ ਦੁਆਰਾ ਸਰਕਾਰੀ ਪੱਧਰ 'ਤੇ ਮਨਾਇਆ ਗਿਆ ਹੈ, ਜਿਸ ਨਾਲ ਦੁਨੀਆ ਭਰ ਦੇ ਲੋਕਾਂ ਨੂੰ ਸੁਨੇਹਾ ਦਿੱਤਾ ਜਾ ਰਿਹਾ ਹੈ। ਪ੍ਰਧਾਨ ਮੰਤਰੀ ਖੁਦ ਮੰਨਦੇ ਹਨ ਕਿ ਇਹ ਦੇਸ਼ ਅਤੇ ਧਰਮ ਸਿੱਖ ਗੁਰੂਆਂ ਦੁਆਰਾ ਕਾਇਮ ਹਨ, ਫਿਰ ਵੀ ਵਿਦੇਸ਼ਾਂ ਵਿੱਚ ਬੈਠ ਕੇ ਅਤੇ ਪਾਕਿਸਤਾਨ ਦੇ ਇਸ਼ਾਰੇ 'ਤੇ ਕੰਮ ਕਰਦੇ ਹੋਏ ਕੁਝ ਵਿਅਕਤੀ, ਭਾਰਤ ਨੂੰ ਸਿੱਖਾਂ ਦਾ ਦੁਸ਼ਮਣ ਦਸਦੇ ਹਨ ਜਦਕਿ ਉਨ੍ਹਾਂ ਨੂੰ ਪਾਕਿਸਤਾਨ ਵਿੱਚ ਸਿੱਖ ਮਾਣ-ਸਨਮਾਨ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਬੋਲਣਾ ਚਾਹੀਦਾ ਹੈ। ਪਾਕਿਸਤਾਨ ਵਿੱਚ ਹਰ ਰੋਜ਼ ਸਿੱਖ ਕੁੜੀਆਂ ਨੂੰ ਇਸਲਾਮ ਕਬੂਲ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਨੂੰ ਇਸ ਨੂੰ ਰੋਕਣ ਲਈ ਆਪਣੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ, ਪਰ ਸ਼ਾਇਦ ਉਹ ਅਜਿਹਾ ਨਹੀਂ ਕਰ ਸਕਦੇ ਕਿਉਂਕਿ ਉਨ੍ਹਾਂ ਦੀ ਜ਼ਿੰਦਗੀ ਪਾਕਿਸਤਾਨ ਦੀ ਰਹਿਮ 'ਤੇ ਨਿਰਭਰ ਹੈ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

350ਸਾਲਾ ਸ਼ਹੀਦੀ ਸੀਸ ਮਾਰਗ ਯਾਤਰਾ ਗੁਰਦੁਆਰਾ ਸੱਤ ਸਾਹਿਬ ਅੰਬਾਲਾ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਅੰਬਾਲਾ ਤੱਕ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਹਾਜ਼ਰੀ ਭਰੀ











**ਨਵੀਂ ਦਿੱਲੀ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-350ਸਾਲਾ ਸ਼ਹੀਦੀ ਸੀਸ ਮਾਰਗ ਯਾਤਰਾ ਗੁਰਦੁਆਰਾ ਸੱਤ ਸਾਹਿਬ ਅੰਬਾਲਾ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਅੰਬਾਲਾ ਤੱਕ ਵਿੱਚ ਹਾਜ਼ਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਗੁਰਤੇਜ ਸਿੰਘ ਅੰਬਾਲਾ ਮੈਂਬਰ,ਸਰਦਾਰ ਸੁਦਰਸ਼ਨ ਸਿੰਘ ਸਹਿਗਲ ਸਾਬਕਾ ਸੀਨੀਅਰ ਮੀਤ ਪ੍ਰਧਾਨ,ਸਰਦਾਰ ਟੀਪੀ ਸਿੰਘ ਅੰਬਾਲਾ ਸਾਬਕਾ ਅੰਤ੍ਰਿੰਗ ਮੈਂਬਰ,ਸਰਦਾਰ ਬੀਐਸ ਬਿੰਦਰਾ ਸਾਬਕਾ ਮੈਂਬਰ ਅਤੇ ਸਿੱਖ ਸੰਗਤਾਂ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਰਣਸੀਂਹ ਕਲਾਂ ਵਿੱਚ ਵਿਕਾਸ ਦੀ ਨਵੀਂ ਉਡਾਨ

# ਕੇਂਦਰੀ ਮੰਤਰੀ ਸ਼ਿਵਰਾਜ ਚੌਹਾਨ ਅਤੇ ਪੰਜਾਬ ਦੇ ਲੀਡਰ ਸੁਨੀਲ ਜਾਖੜ ਦਾ ਭਰਪੂਰ ਸਵਾਗਤ














**ਰਣਸੀਂਹ ਕਲਾਂ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਪਿੰਡ ਰਣਸੀਂਹ ਕਲਾਂ ਵਿੱਚ ਅੱਜ ਵਿਕਾਸ ਦੀ ਨਵੀਂ ਕਹਾਣੀ ਲਿਖੀ ਗਈ, ਜਦੋਂ ਕੇਂਦਰ ਸਰਕਾਰ ਦੇ ਖੇਤੀਬਾੜੀ ਅਤੇ ਪੇਂਡੂ ਵਿਕਾਸ ਕੈਬਨਿਟ ਮੰਤਰੀ ਸ਼ਿਵਰਾਜ ਚੌਹਾਨ ਜੀ ਆਪਣੇ ਖਾਸ ਦੌਰੇ ‘ਤੇ ਪਹੁੰਚੇ। ਇਸ ਮਹੱਤਵਪੂਰਨ ਦੌਰੇ ਵਿੱਚ ਉਨ੍ਹਾਂ ਦੇ ਨਾਲ ਪੰਜਾਬ ਦੇ ਸੀਨੀਅਰ ਅਤੇ ਸਨਮਾਨਨੀਯ ਲੀਡਰ ਸੁਨੀਲ ਜਾਖੜ ਜੀ ਵੀ ਸ਼ਾਮਲ ਸਨ। ਦੋਵਾਂ ਨੇਤਾਵਾਂ ਦੀ ਆਮਦ ‘ਤੇ ਪਿੰਡ ਵਾਸੀਆਂ ਨੇ ਫੁੱਲਾਂ ਦੀ ਵਰਖਾ ਅਤੇ ਨਗਾੜਿਆਂ ਨਾਲ ਸਵਾਗਤ ਕੀਤਾ। ਵਿਕਾਸ ਪ੍ਰੋਜੈਕਟਾਂ ਦੀ ਮੈਦਾਨੀ ਸਮੀਖਿਆ-ਮੰਤਰੀ ਚੌਹਾਨ ਨੇ ਆਪਣੇ ਦੌਰੇ ਦੌਰਾਨ ਪਿੰਡ ਵਿੱਚ ਚੱਲ ਰਹੇ ਕਈ ਮਹੱਤਵਪੂਰਨ ਪ੍ਰੋਜੈਕਟਾਂ ਦੀ ਜਾਇਜ਼ੇਵਾਰ ਸਮੀਖਿਆ ਕੀਤੀ, ਜਿਸ ਵਿੱਚ ਸ਼ਾਮਲ ਸਨ— ਪਾਣੀ ਸਪਲਾਈ ਅਤੇ ਸਿੰਚਾਈ ਪ੍ਰਬੰਧ, ਖੇਤੀਬਾੜੀ ਨਾਲ ਜੁੜੇ ਮਸ਼ੀਨੀਕਰਨ ਅਤੇ ਨਵੇਂ ਤਕਨੀਕੀ ਉਪਰਾਲੇ, ਸੜਕਾਂ, ਡਰੇਨੇਜ ਅਤੇ ਪਿੰਡ ਦੀ ਮੁੱਢਲੀ ਢਾਂਚਾਗਤ ਸੁਵਿਧਾਵਾਂ, ਪੇਂਡੂ ਰੋਜ਼ਗਾਰ ਅਤੇ ਸਵੈ-ਰੋਜ਼ਗਾਰੀ ਸਹਾਇਤਾ ਪ੍ਰੋਗਰਾਮ। ਮੰਤਰੀ ਜੀ ਨੇ ਖਾਸ ਤੌਰ ’ਤੇ ਪਿੰਡ ਦੇ ਉਹ ਮੌਡਲ ਪ੍ਰੋਜੈਕਟ ਵੇਖੇ ਜਿਨ੍ਹਾਂ ਨੂੰ ਸਥਾਨਕ ਗ੍ਰਾਮ ਪੰਚਾਇਤ ਅਤੇ ਨੌਜਵਾਨਾਂ ਨੇ ਮਿਲ ਕੇ ਅੱਗੇ ਵਧਾਇਆ ਹੈ। ਪਿੰਡ ਵਾਸੀਆਂ ਦੀਆਂ ਉਮੀਦਾਂ ਅਤੇ ਮੰਗਾਂ ਸੁਣੀਆਂ ਦੌਰੇ ਦੌਰਾਨ ਨੇਤਾਵਾਂ ਨੇ ਗ੍ਰਾਮ ਪੰਚਾਇਤ ਮੈਂਬਰਾਂ, ਕਿਸਾਨਾਂ, ਮਹਿਲਾ ਸਮੂਹਾਂ ਅਤੇ ਨੌਜਵਾਨਾਂ ਨਾਲ ਮੁਲਾਕਾਤ ਕੀਤੀ। ਲੋਕਾਂ ਨੇ ਖੇਤੀ ਲਈ ਪਾਣੀ ਦੀ ਕਮੀ, ਨਵੀਆਂ ਖੇਤੀ ਮਸ਼ੀਨਾਂ ਦੀ ਸਬਸਿਡੀ, ਸੜਕਾਂ ਦੀ ਮੁਰੰਮਤ ਅਤੇ ਪੇਂਡੂ ਵਿਕਾਸ ਸਕੀਮਾਂ ਵਿੱਚ ਵਧੇਰੇ ਫੰਡ ਦੀਆਂ ਮੰਗਾਂ ਰੱਖੀਆਂ। ਮੰਤਰੀ ਚੌਹਾਨ ਨੇ ਭਰੋਸਾ ਦਿਵਾਇਆ ਕਿ ਪਿੰਡ ਦੇ ਹਰ ਜ਼ਰੂਰੀ ਪ੍ਰੋਜੈਕਟ ਨੂੰ ਤਰਜੀਹ ਦੇ ਕੇ ਅੱਗੇ ਵਧਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੇਂਡੂ ਵਿਕਾਸ ਨੂੰ ਮਜ਼ਬੂਤ ਕਰਨਾ ਕੇਂਦਰ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਸੁਨੀਲ ਜਾਖੜ ਵੱਲੋਂ ਖਾਸ ਸੰਬੋਧਨ ਸੁਨੀਲ ਜਾਖੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੇ ਪਿੰਡਾਂ ਵਿੱਚ ਬੇਅੰਤ ਸਮਰੱਥਾ ਹੈ ਅਤੇ ਜੇਕਰ ਸਰਕਾਰ ਤੇ ਗ੍ਰਾਮ ਪੰਚਾਇਤ ਮਿਲਕੇ ਕੰਮ ਕਰਨ, ਤਾਂ ਹਰ ਪਿੰਡ ਨੂੰ ਮੋਡਲ ਪਿੰਡ ਬਣਾਉਣਾ ਮੁਮਕਿਨ ਹੈ। ਉਨ੍ਹਾਂ ਨੇ ਰਣਸੀਂਹ ਕਲਾਂ ਦੇ ਲੋਕਾਂ ਦੀ ਸਰਗਰਮ ਹਿਸੇਦਾਰੀ ਅਤੇ ਇਕਜੁੱਟਤਾ ਦੀ ਵੀ ਤਾਰੀਫ਼ ਕੀਤੀ। ਗ੍ਰਾਮ ਪੰਚਾਇਤ ਵੱਲੋਂ ਦਿਲੋਂ ਧੰਨਵਾਦਰਣਸੀਂਹ ਕਲਾਂ ਦੀ ਗ੍ਰਾਮ ਪੰਚਾਇਤ ਵੱਲੋਂ ਦੋਵੇਂ ਨੇਤਾਵਾਂ ਦਾ ਖ਼ਾਸ ਸਨਮਾਨ ਕੀਤਾ ਗਿਆ। ਪੰਚਾਇਤ ਨੇ ਕਿਹਾ ਕਿ ਕੇਂਦਰੀ ਨੇਤ੍ਰਿਤਵ ਦੀ ਤਵੱਜੋ ਨਾਲ ਪਿੰਡ ਦੀ ਪ੍ਰਗਤੀ ਨੂੰ ਨਵੀਆਂ ਗਤੀ ਮਿਲੇਗੀ। ਪੰਚਾਇਤ ਮੈਂਬਰਾਂ ਨੇ ਦੱਸਿਆ ਕਿ ਇਹ ਦੌਰਾ ਸਿਰਫ਼ ਇੱਕ ਰਸਮੀ ਪ੍ਰੋਗਰਾਮ ਨਹੀਂ, ਸਗੋਂ ਪਿੰਡ ਦੇ ਭਵਿੱਖ ਨੂੰ ਬਦਲਣ ਵਾਲਾ ਕਦਮ ਹੈ। ਦੌਰੇ ਤੋਂ ਬਾਅਦ ਪਿੰਡ ਦੇ ਨੌਜਵਾਨਾਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਨੇ ਕਿਹਾ ਕਿ ਜੇਕਰ ਵਿਕਾਸ ਪ੍ਰੋਜੈਕਟਾਂ ਲਈ ਕੇਂਦਰੀ ਸਹਿਯੋਗ ਮਿਲਦਾ ਰਿਹਾ ਤਾਂ ਰਣਸੀਂਹ ਕਲਾਂ ਜਲਦੀ ਹੀ ਆਪਣੇ ਇਲਾਕੇ ਦਾ ਸਭ ਤੋਂ ਪ੍ਰਗਤੀਸ਼ੀਲ ਪਿੰਡ ਬਣ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਮ੍ਰਿਤਪਾਲ ਸਿੰਘ ਵੱਲੋਂ ਮੁੜ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਰੁਖ਼

## ਸੁਣਵਾਈ ਪਹਿਲੀ ਨੂੰ, ਪੰਜਾਬ ਸਰਕਾਰ ਦੇ ਹੁਕਮ ਨੂੰ ਚੁਣੌਤੀ ਦਿੱਤੀ



ਅੰਮ੍ਰਿਤਸਰ, 28 ਨਵਬੰਰ (ਆਵਾਜ਼ਿ ਕੌਮ ਬਿਊਰੋ)– ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਅੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਮੁੜ ਰੁਖ਼ ਕਰਦਿਆਂ ਸੰਸਦ ਦੇ ਸਰਦ ਰੁੱਤ ਸੈਸ਼ਨ ਵਿੱਚ ਸ਼ਾਮਲ ਹੋਣ ਲਈ ਆਰਜ਼ੀ ਪੈਰੋਲ ਦੀ ਮੁੜ ਮੰਗ ਕੀਤੀ ਹੈ। ਪੰਜਾਬ ਸਰਕਾਰ ਨੇ ਅੰਮ੍ਰਿਤਪਾਲ ਦੇ ਸੰਸਦ ਵਿਚ ਸ਼ਾਮਲ ਹੋਣ ਤੋਂ ਰੋਕ ਦਿੱਤਾ ਸੀ ਜਿਸ ਨੂੰ ਅਦਾਲਤ ਵਿਚ ਚੁਣੌਤੀ ਦਿੰਦਿਆਂ ਸੁਣਵਾਈ ਕਰਨ ਦੀ ਮੰਗ ਕੀਤੀ ਗਈ ਹੈ। ਇਸ ਮਾਮਲੇ ਦੀ ਸੁਣਵਾਈ ਪਹਿਲੀ ਦਸੰਬਰ ਨੂੰ ਹੋਵੇਗੀ। ਪੰਜਾਬ ਸਰਕਾਰ ਨੇ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਦੀ ਅਰਜ਼ੀ ਰੱਦ ਕਰ ਦਿੱਤੀ ਸੀ ਜਿਸ ਕਾਰਨ ਉਸ ਦੇ ਸੰਸਦ ਦੇ ਸਰਦ ਰੁੱਤ ਸੈਸ਼ਨ ’ਚ ਭਾਗ ਲੈਣ ’ਤੇ ਸਵਾਲੀਆ ਨਿਸ਼ਾਨ ਲੱਗ ਗਿਆ ਹੈ। ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਮਾਮਲੇ ਵਿੱਚ ਦਾਇਰ ਪਟੀਸ਼ਨ ’ਤੇ 21 ਇੰਦਰਜੀਤ ਨਵੰਬਰ ਨੂੰ ਸੁਣਵਾਈ ਦੌਰਾਨ ਪੰਜਾਬ ਸਰਕਾਰ ਨੂੰ ਹਫ਼ਤੇ ’ਚ ਫ਼ੈਸਲਾ ਕਰਨ ਦੇ ਨਿਰਦੇਸ਼ ਦਿੱਤੇ ਸਨ । ਪੰਜਾਬ ਦੇ ਗ੍ਰਹਿ ਵਿਭਾਗ ਨੇ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਅਤੇ ਜ਼ਿਲ੍ਹਾ ਪੁਲੀਸ ਕਪਤਾਨ ਤੋਂ ਹਾਈ ਕੋਰਟ ਦੇ ਹੁਕਮਾਂ ਦੇ ਮੱਦੇਨਜ਼ਰ ਰਿਪੋਰਟ ਮੰਗੀ ਸੀ। ਅੰਮ੍ਰਿਤਸਰ ਪ੍ਰਸ਼ਾਸਨ ਨੇ ਪੈਰੋਲ ਦੀ ਅਰਜ਼ੀ ਰੱਦ ਕਰਨ ਦੀ ਸਿਫ਼ਾਰਸ਼ ਕੀਤੀ ਸੀ ਜਿਸ ਦੇ ਆਧਾਰ ’ਤੇ ਗ੍ਰਹਿ ਵਿਭਾਗ ਨੇ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਨਾ ਦੇਣ ਦਾ ਫ਼ੈਸਲਾ ਕੀਤਾ। ਦੱਸਣਯੋਗ ਹੈ ਕਿ ਸੰਸਦ ਦਾ ਸਰਦ ਰੁੱਤ ਇਜਲਾਸ ਪਹਿਲੀ ਦਸੰਬਰ ਤੋਂ 19 ਦਸੰਬਰ ਤੱਕ ਹੋ ਰਿਹਾ ਹੈ ਜਿਸ ’ਚ ਸ਼ਾਮਲ ਹੋਣ ਲਈ ਅੰਮ੍ਰਿਤਪਾਲ ਸਿੰਘ ਨੇ ਆਪਣੇ ਵਕੀਲ ਜ਼ਰੀਏ ਅਦਾਲਤ ’ਚ ਪਟੀਸ਼ਨ ਦਾਇਰ ਕੀਤੀ। ਜਾਣਕਾਰੀ ਮੁਤਾਬਕ ਸੁਪਰੀਮ ਕੋਰਟ ’ਚ ਵੀ ਅੰਮ੍ਰਿਤਪਾਲ ਸਿੰਘ ਦੇ ਸਬੰਧ ’ਚ ਇੱਕ ਮਾਮਲਾ ਸੁਣਵਾਈ ਅਧੀਨ ਹੈ। ਅੰਮ੍ਰਿਤਪਾਲ ਸਿੰਘ ਕੌਮੀ ਸੁਰੱਖਿਆ ਐਕਟ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਅਪਰੈਲ 2023 ਤੋਂ ਨਜ਼ਰਬੰਦ ਹੈ। ਅੰਮ੍ਰਿਤਪਾਲ ਸਿੰਘ ਨੇ ਸਿੰਘ ਮੁੱਲਾਂਪੁਰ ਖਡੂਰ ਸਾਹਿਬ ਹਲਕੇ ਤੋਂ ਲੋਕ ਸਭਾ ਦੀ ਚੋਣ ਵੀ ਨਜ਼ਰਬੰਦੀ ਦੌਰਾਨ ਹੀ ਜਿੱਤੀ ਸੀ। ਸੰਸਦੀ ਚੋਣਾਂ ਦੇ ਨਤੀਜੇ ਚਾਰ ਜੂਨ 2024 ਨੂੰ ਐਲਾਨੇ ਗਏ ਸਨ ਪ੍ਰੰਤੂ ਉਹ ਹਾਲੇ ਤੱਕ ਸੰਸਦ ’ ਦੇ ਕਿਸੇ ਵੀ ਸੈਸ਼ਨ ’ਚ ਹਿੱਸਾ ਨਹੀਂ ਲੈ ਸਕਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਕਮੇਟੀ ਨੇ ਕਰਵਾਏ ਨੈਸ਼ਨਲ ਗੱਤਕਾ ਮੁਕਾਬਲੇ

**ਸ੍ਰੀ ਅਨੰਦਪੁਰ ਸਾਹਿਬ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਨੈਸ਼ਨਲ ਗੱਤਕਾ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਪੰਜਾਬ, ਹਰਿਆਣਾ, ਹਿਮਾਚਲ ਤੇ ਦਿੱਲੀ ਸਮੇਤ ਵੱਖ-ਵੱਖ ਸੂਬਿਆਂ ਅਤੇ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਦੀਆਂ ਗਤਕਾ ਟੀਮਾਂ ਨੇ ਹਿੱਸਾ ਲਿਆ ਅਤੇ ਗੱਤਕੇ ਦੇ ਜੌਹਰ ਦਿਖਾਏ। ਇਨ੍ਹਾਂ ਮੁਕਾਬਲਿਆਂ ਦੀ ਆਰੰਭਤਾ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਵਿਚ ਹੋਈ। ਗੱਤਕਾ ਮੁਕਾਬਲਿਆਂ ਵਿਚ ਨੌਜਵਾਨਾਂ ਨੇ ਪ੍ਰਦਰਸ਼ਨ ਅਤੇ ਮੁਕਾਬਲਿਆਂ ਵਿਚ ਬਾਖੂਬੀ ਪੇਸ਼ਕਾਰੀ ਦਿੱਤੀ, ਜਿਸ ਦੌਰਾਨ ਅਕਾਲੀ ਬਾਬਾ ਫੂਲਾ ਸਿੰਘ ਜੀ ਗੱਤਕਾ ਅਖਾੜਾ ਰੱਤੀਆ (ਹਰਿਆਣਾ), ਮਾਤਾ ਸਾਹਿਬ ਕੌਰ ਜੀ ਗੱਤਕਾ ਅਖਾੜਾ ਤਲਵੰਡੀ ਸਾਬੋ, ਖ਼ਾਲਸਾ ਅਕਾਲ ਪੁਰਖ ਕੀ ਫੌਜ ਗੱਤਕਾ ਅਖਾੜਾ ਚੰਡੀਗੜ੍ਹ, ਬਾਬਾ ਅਜੀਤ ਸਿੰਘ ਜੀ ਗੱਤਕਾ ਅਖਾੜਾ ਹਿਮਾਚਲ ਪ੍ਰਦੇਸ਼, ਬਾਬਾ ਦੀਪ ਸਿੰਘ ਜੀ ਗੱਤਕਾ ਅਖਾੜਾ ਰੂਪਨਗਰ, ਹਰਗੋਬਿੰਦ ਜੀਤ ਗੱਤਕਾ ਅਖਾੜਾ ਬੁੱਢਾ ਦਲ ਦਿੱਲੀ ਅਤੇ ਬੀਬੀ ਸ਼ਰਨ ਕੀਰ ਖ਼ਾਲਸਾ ਕਾਲਜ ਚਮਕੌਰ ਸਾਹਿਬ ਰੂਪਨਗਰ ਸਮੇਤ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੇ ਵੀ ਹਿੱਸਾ ਲਿਆ। ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰੂ ਸਾਹਿਬਾਨ ਨੇ ਖ਼ਾਲਸਾ ਪੰਥ ਨੂੰ ਬੜੀਆਂ ਬੇਨਜ਼ੀਰ ਬਖਸ਼ਿਸ਼ਾਂ ਕੀਤੀਆਂ ਹਨ, ਜਿਨ੍ਹਾਂ ਵਿਚ ਜਿੱਥੇ ਆਤਮਿਕ ਤੌਰ ‘ਤੇ ਬਲਵਾਨ ਬਣਨ ਲਈ ਪਾਵਨ ਗੁਰਬਾਣੀ ਦੀ ਬਖਸ਼ਿਸ਼ ਕੀਤੀ ਹੈ, ਉੱਥੇ ਸਰੀਰਕ ਤੌਰ ‘ਤੇ ਸੁਡੌਲ, ਨਿਰੋਗ ਤੇ ਸਵੈ-ਰੱਖਿਅਕ ਬਣਨ ਲਈ ਗੱਤਕਾ ਵਰਗੀਆਂ ਜੰਗੀ ਕਲਾਵਾਂ ਵੀ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀ ਬਖਸ਼ਿਸ਼ ਇਸ ਖਾਲਸਾਈ ਖੇਡ ਗੱਤਕਾ ਨੂੰ ਅੱਜ ਓਲੰਪਿਕ ਵਿਚ ਵੀ ਜੰਗੀ ਕਲਾ ਵਜੋਂ ਮਾਨਤਾ ਮਿਲੀ ਹੋਈ ਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸਿੱਖਾਂ ਨੂੰ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਪਹਿਨਾ ਕੇ ਗੱਤਕਾ ਦੀ ਜੰਗਜੂ ਕਲਾ ਦੀ ਬਖਸ਼ਿਸ਼ ਕੀਤੀ ਸੀ। ਉਨ੍ਹਾਂ ਕਿਹਾ ਕਿ ਜਿੱਥੇ ਗੱਤਕੇ ਦਾ ਅਭਿਆਸ ਸਾਨੂੰ ਸਵੈ ਰੱਖਿਅਕ ਬਣਾਉਂਦਾ ਹੈ, ਉੱਥੇ ਸਰੀਰਕ ਤੰਦਰੁਸਤੀ ਦਾ ਵੀ ਲਾਜਵਾਬ ਅਭਿਆਸ ਹੈ। ਉਨ੍ਹਾਂ ਕਿਹਾ ਕਿ ਹਰੇਕ ਸਿੱਖ ਨੂੰ ਆਪਣੇ ਬੱਚਿਆਂ ਨੂੰ ਗੱਤਕਾ ਸਿਖਾਉਣਾ ਚਾਹੀਦਾ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ 29 ਨਵੰਬਰ ਨੂੰ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੱਕ ਸਜਾਏ ਜਾ ਰਹੇ ਨਗਰ ਕੀਰਤਨ ਬਾਰੇ ਗੱਲ ਕਰਦਿਆਂ ਆਖਿਆ ਕਿ ਭਾਈ ਜੈਤਾ ਜੀ ਦਿੱਲੀ ਤੋਂ ਸ੍ਰੀ ਗੁਰੂ ਤੇਗ. ਬਹਾਦਰ ਜੀ ਦਾ ਪਾਵਨ ਸੀਸ ਲੈ ਕੇ ਬੜੇ ਕਠਿਨ ਤੇ ਔਕੜਾਂ ਭਰੇ ਪੰਧ ਤੋਂ ਹੁੰਦੇ ਹੋਏ ਕੀਰਤਪੁਰ ਸਾਹਿਬ ਪੁੱਜੇ ਸਨ, ਜਿਥੇ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ, ਮਾਤਾ ਗੁਜਰੀ ਜੀ ਅਤੇ ਮਾਤਾ ਨਾਨਕੀ ਜੀ ਸਮੇਤ ਸਿੱਖ ਸੰਗਤਾਂ ਨੇ ਸ੍ਰੀ ਗੁਰੂ ਤੇਗ. ਬਹਾਦਰ ਜੀ ਦੇ ਪਾਵਨ ਸੀਸ ਦੇ ਦਰਸ਼ਨ ਕੀਤੇ ਸਨ। ਇਨ੍ਹਾਂ ਲਾਸਾਨੀ ਤੇ ਅਦੁੱਤੀ ਇਤਿਹਾਸਕ ਪਲਾਂ ਦੀ ਯਾਦ ਵਿਚ ਦਿੱਲੀ ਤੋਂ ਚੱਲੀ ਸੀਸ ਮਾਰਗ ਯਾਤਰਾ ਵਿਚ 29 ਨਵੰਬਰ ਨੂੰ ਸਵੇਰੇ ਕੀਰਤਪੁਰ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਵੱਧ ਤੋਂ ਵੱਧ ਸਿੱਖ ਸੰਗਤਾਂ ਨੂੰ ਸ਼ਾਮਿਲ ਹੋ ਕੇ 350 ਸਾਲਾ ਸ਼ਤਾਬਦੀ ਮੌਕੇ ਇਤਿਹਾਸਕ ਪਲਾਂ ਦੇ ਗਵਾਹ ਬਣਨਾ ਚਾਹੀਦਾ ਹੈ। ਅੱਜ ਹੋਏ ਗਤਕਾ ਮੁਕਾਬਲੇ ਵਿਚ ਪਹਿਲਾ ਸਥਾਨ ਹਰਗੋਬਿੰਦ ਜੀਤ ਗਤਕਾ ਅਖਾੜਾ ਬੁੱਢਾ ਦਲ ਦਿੱਲੀ, ਦੂਜਾ ਸਥਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਅਤੇ ਤੀਜਾ ਸਥਾਨ ਬੇਬੇ ਨਾਨਕੀ ਮਿਸ਼ਨਰੀ ਕਾਲਜ ਸੁਲਤਾਨਪੁਰ ਲੋਧੀ ਦੀਆਂ ਟੀਮਾਂ ਨੇ ਪ੍ਰਾਪਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੀਆਂ ਟੀਮਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਵਤਾਰ ਸਿੰਘ ਰੀਆ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓ.ਐਸ.ਡੀ. ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਧਰਮ ਪ੍ਰਚਾਰ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਆਦਿ ਹਾਜ਼ਰ ਸਨ।